SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 22 | Wednesday, January 31, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## 3 ਲੜਕੀਆਂ ਸਮੇਤ 5 ਟੀਨੇਜਰ ਹਥਿਆਰਬੰਦ ਕਾਰਜੈਕਿੰਗ ਲਈ ਗ੍ਰਿਫਤਾਰ

ਬਰੈਂਪਟਨ, 30 ਜਨਵਰੀ (ਪੋਸਟ ਬਿਊਰੋ) : ਪੀਲ ਰੀਜਨਲ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਬਰੈਂਪਟਨ ਵਿੱਚ ਹਥਿਆਰਬੰਦ ਕਾਰਜੈਕਿੰਗ ਕਰਨ ਵਾਲੇ ਪੰਜ ਟੀਨੇਜਰਜ਼, ਜਿਨ੍ਹਾਂ ਵਿੱਚ ਤਿੰਨ ਕੁੜੀਆਂ ਵੀ ਸ਼ਾਮਲ ਹਨ, ਨੂੰ ਚਾਰਜ ਕੀਤਾ ਗਿਆ ਹੈ।

ਡਾਕੇ ਦੀਆਂ ਖਬਰਾਂ ਦੇ ਕੇ 26 ਜਨਵਰੀ ਨੂੰ ਰਾਤੀਂ 10:30 ਵਜੇ ਤੋਂ ਬਾਅਦ ਪੁਲਿਸ ਅਧਿਕਾਰੀਆਂ ਨੂੰ ਵੌਡਨ ਸਟਰੀਟ ਈਸਟ ਤੇ ਕੈਨੇਡੀ ਰੋਡ ਨੌਰਥ ਨੇੜੇ ਬਰੈਂਪਟਨ ਕਮਰਸ਼ੀਅਲ ਪਲਾਜ਼ਾ ਉੱਤੇ ਸੱਦਿਆ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਇੱਕ ਵਿਅਕਤੀ ਆਪਣੀ 2023 ਮਾਡਲ ਦੀ ਡੌਜ ਚਾਰਜਰ ਵਿੱਚ ਸੀ ਜਦੋਂ ਦੋ ਮਸ਼ਕੂਕ ਉਸ ਕੋਲ ਪਹੁੰਚੇ, ਇਨ੍ਹਾਂ ਵਿੱਚੋਂ



ਇੱਕ ਕੋਲ ਹੈਂਡਗੰਨ ਸੀ। ਪੁਲਿਸ ਨੇ ਦੱਸਿਆ ਕਿ ਮਸ਼ਕੂਕਾਂ ਨੇ ਧੱਕੇ ਨਾਲ ਉਸ ਵਿਅਕਤੀ ਨੂੰ ਗੱਡੀ ਵਿੱਚੋਂ ਬਾਹਰ ਕੱਢਿਆ ਤੇ ਉਸ ਦੀ ਗੱਡੀ ਲੈ ਕੇ ਫਰਾਰ ਹੋ ਗਏ।

ਉਸ ਵਿਅਕਤੀ ਨੂੰ ਸ਼ਰੀਰਕ ਤੌਰ ਉੱਤੇ ਕੋਈ ਨੁਕਸਾਨ ਨਹੀਂ ਪਹੁੰਚਾਇਆ ਗਿਆ। ਪੁਲਿਸ ਨੂੰ ਬਾਅਦ ਵਿੱਚ ਚੋਰੀ ਦੀ ਉਹ ਗੱਡੀ ਮਿਸੀਸਾਗਾ ਵਿੱਚੋਂ ਮਿਲੀ। ਪੁਲਿਸ ਨੇ ਪੰਜ ਟੀਨੇਜਰਜ਼ ਨੂੰ ਗ੍ਰਿਫਤਾਰ ਕਰ ਲਿਆ। ਇਨ੍ਹਾਂ ਕੋਲੋਂ ਇੱਕ ਬਣਾਉਟੀ ਹਥਿਆਰ ਵੀ ਬਰਾਮਦ ਹੋਇਆ।

15 ਤੇ 16 ਸਾਲਾਂ ਦੇ ਦੋ ਲੜਕਿਆਂ ਨੂੰ ਗ੍ਰਿਫਤਾਰ ਤੇ ਚਾਰਜ ਕੀਤਾ ਗਿਆ ਤੇ 15 ਤੋਂ 16 ਸਾਲਾਂ ਦੀਆਂ ਤਿੰਨ ਲੜਕੀਆਂ ਨੂੰ ਵੀ ਗ੍ਰਿਫਤਾਰ ਤੇ ਚਾਰਜ ਕੀਤਾ ਗਿਆ। ਨਾਬਾਲਗ ਹੋਣ ਕਾਰਨ ਇਨ੍ਹਾਂ ਦੇ ਨਾਂਵਾਂ ਦਾ ਖੁਲਾਸਾ ਨਹੀਂ ਕੀਤਾ ਗਿਆ।




## ਜਿਨਸੀ ਹਮਲੇ ਦੇ ਸਬੰਧ ਵਿੱਚ ਆਤਮ ਸਮਰਪਣ ਕਰਨਗੇ ਚਾਰ ਜੂਨੀਅਰ ਹਾਕੀ ਖਿਡਾਰੀ

ਓਟਵਾ, 30 ਜਨਵਰੀ (ਪੋਸਟ ਬਿਊਰੋ) : ਚਾਰ ਐਨਐਚਐਲ ਖਿਡਾਰੀਆਂ ਦੇ ਵਕੀਲਾਂ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਹੈ ਕਿ ਉਨ੍ਹਾਂ ਦੇ ਮੁਵੱਕਿਲ ਪੰਜ ਉਨ੍ਹਾਂ ਖਿਡਾਰੀਆਂ ਵਿੱਚ ਸ਼ਾਮਲ ਹਨ ਜਿਨ੍ਹਾਂ ਉੱਤੇ ਜਿਨਸੀ ਹਮਲਾ ਕਰਨ ਦੇ ਚਾਰਜਿਜ਼ ਲਾਏ ਗਏ ਸਨ। ਇਹ ਘਟਨਾ ਕੈਨੇਡਾ ਦੇ 2018 ਵਰਲਡ ਜੂਨੀਅਰ ਹਾਕੀ ਟੀਮ ਮੈਂਬਰਾਂ ਨਾਲ ਸਬੰਧਤ ਹੈ।



ਜਿਨ੍ਹਾਂ ਚਾਰ ਖਿਡਾਰੀਆਂ ਦੀ ਇੱਥੇ ਗੱਲ ਕੀਤੀ ਜਾ ਰਹੀ ਹੈ ਉਨ੍ਹਾਂ ਵਿੱਚ ਨਿਊ ਜਰਸੀ ਡੇਵਿਲਜ਼ ਦੇ ਮਾਈਕਲ ਮੈਕਲਿਓਡ ਤੇ ਕੈਲ ਫੂਟ, ਫਿਲਾਡੈਲਫੀਆ ਫਲਾਇਰਜ਼ ਦਾ ਕਾਰਟਰ ਹਾਰਟ ਤੇ ਕੈਲਗਰੀ ਫਲੇਮਜ਼ ਦਾ ਡਿਲਨ ਡੂਬ ਸ਼ਾਮਲ ਹਨ। ਇਨ੍ਹਾਂ ਖਿਡਾਰੀਆਂ ਵੱਲੋਂ ਅਗਲੇ ਸੋਮਵਾਰ ਤੋਂ ਪਹਿਲਾਂ ਪੁਲਿਸ ਕੋਲ ਆਤਮ ਸਮਰਪਣ ਕਰਨ ਦੀ ਸੰਭਾਵਨਾ ਹੈ। ਪਿਛਲੇ ਹਫਤੇ ਗਲੋਬ ਐਂਡ ਮੇਲ ਨੇ ਇਹ ਰਿਪੋਰਟ ਛਾਪੀ ਸੀ ਕਿ ਕੈਨੇਡਾ ਦੀ 2018 ਵਰਲਡ ਜੂਨੀਅਰ ਹਾਕੀ ਟੀਮ ਦੇ ਪੰਜ ਮੈਂਬਰਾਂ ਨੂੰ ਜਿਨਸੀ ਹਮਲੇ ਦੇ ਸਬੰਧ ਵਿੱਚ ਚਾਰਜਿਜ਼ ਦਾ ਸਾਹਮਣਾ ਕਰਨਾ ਹੋਵੇਗਾ।

ਜ਼ਿਕਰਯੋਗ ਹੈ ਕਿ ਜੂਨ 2018 ਵਿੱਚ ਹਾਕੀ ਕੈਨੇਡਾ ਦੇ ਇੱਕ ਈਵੈਂਟ ਤੋਂ ਬਾਅਦ ਹੋਟਲ ਦੇ ਕਮਰੇ ਵਿੱਚ ਇਨ੍ਹਾਂ ਪੰਜਾਂ ਖਿਡਾਰੀਆਂ ਵੱਲੋਂ ਕਥਿਤ ਤੌਰ ਉੱਤੇ ਇੱਕ ਮਹਿਲਾ ਉੱਤੇ ਜਿਨਸੀ ਹਮਲਾ ਕੀਤਾ ਗਿਆ ਸੀ। 2022 ਵਿੱਚ ਇੱਕ ਮਹਿਲਾ ਜਿਸ ਦੀ ਪਛਾਣ ਈ.ਐਮ ਵਜੋਂ ਜਾਰੀ ਕੀਤੀ ਗਈ ਨੇ ਹਾਕੀ ਕੈਨੇਡਾ ਤੇ 2018 ਦੀ ਵਰਲਡ ਜੂਨੀਅਰ ਟੀਮ ਦੇ ਅੱਠ ਖਿਡਾਰੀਆਂ ਖਿਲਾਫ 3.35 ਮਿਲੀਅਨ ਡਾਲਰ ਦਾ ਮੁਕੱਦਮਾ ਠੋਕ ਦਿੱਤਾ ਸੀ। ਉਸ ਨੇ ਇਹ ਦੋਸ਼ ਲਾਇਆ ਸੀ ਕਿ ਲੰਡਨ, ਓਨਟਾਰੀਓ ਦੇ ਹੋਟਲ ਦੇ ਕਮਰੇ ਵਿੱਚ ਉਸ ਦੇ ਨਸ਼ੇ ਦੀ ਹਾਲਤ ਵਿੱਚ ਹੋਣ ਕਾਰਨ ਉਸ ਉੱਤੇ ਵਾਰੀ ਵਾਰੀ ਜਿਨਸੀ ਹਮਲੇ ਕੀਤੇ ਗਏ। ਅਜੇ ਤੱਕ ਇਨ੍ਹਾਂ ਦੋਸ਼ਾਂ ਨੂੰ ਅਦਾਲਤ ਸਾਹਮਣੇ ਸਿੱਧ ਨਹੀਂ ਕੀਤਾ ਜਾ ਸਕਿਆ ਹੈ।

ਪੰਜਾਂ ਖਿਡਾਰੀਆਂ ਵਿੱਚੋਂ ਸੱਭ ਤੋਂ ਪਹਿਲਾਂ ਆਤਮ ਸਮਰਪਣ ਕਰਨ ਵਾਲਾ ਓਟਵਾ ਸੈਨੇਟਰਜ਼ ਦਾ ਐਲੈਕਸ ਫੋਰਮੈਂਟਲ ਸੀ। ਉਸ ਨੇ ਆਪਣੀ ਮੌਜੂਦਾ ਟੀਮ ਤੋਂ ਅਣਮਿੱਥੇ ਸਮੇਂ ਲਈ ਛੁੱਟੀ ਲੈ ਲਈ ਹੈ। ਐਤਵਾਰ ਨੂੰ ਉਸ ਨੇ ਪੁਲਿਸ ਸਾਹਮਣੇ ਆਤਮ ਸਮਰਪਣ ਕਰ ਦਿੱਤਾ। ਉਸ ਦੇ ਲੀਗਲ ਕਾਊਂਸਲ ਨੇ ਦੱਸਿਆ ਕਿ ਉਹ ਇਸ ਮਾਮਲੇ ਵਿੱਚ ਆਪਣੇ ਬੇਕਸੂਰ ਹੋਣ ਦੇ ਪੱਖ ਨੂੰ ਉਜਾਗਰ ਕਰੇਗਾ।

## ਦੋ ਗੱਡੀਆਂ ਦੀ ਟੱਕਰ ਵਿੱਚ ਮਹਿਲਾ ਦੀ ਹੋਈ ਮੌਤ, ਬੱਚੇ ਸਮੇਤ ਚਾਰ ਜ਼ਖ਼ਮੀ



ਟੋਰਾਂਟੋ, 30 ਜਨਵਰੀ (ਪੋਸਟ ਬਿਊਰੋ) : ਸੋਮਵਾਰ ਨੂੰ ਅਕਸਬ੍ਰਿੱਜ ਵਿੱਚ ਦੋ ਗੱਡੀਆਂ ਦੀ ਜ਼ਬਰਦਸਤ ਟੱਕਰ ਕਾਰਨ ਇੱਕ ਮਹਿਲਾ ਦੀ ਮੌਤ ਹੋ ਗਈ ਤੇ ਇੱਕ ਬੱਚੇ ਨੂੰ ਏਅਰ ਐਂਬੂਲੈਂਸ ਵਿੱਚ ਸਿੱਕਕਿੱਡਜ਼ ਹਸਪਤਾਲ ਲਿਜਾਇਆ ਗਿਆ।

ਇਹ ਹਾਦਸਾ ਦੁਪਹਿਰੇ 2:00 ਵਜੇ ਦੇ ਨੇੜੇ ਤੇੜੇ ਸੈਂਡਫੋਰਡ ਰੋਡ ਤੇ ਕਨਸੈਸ਼ਨ 6 ਨੇੜੇ ਵਾਪਰਿਆ। ਹਾਦਸਾ ਐਨਾ ਜ਼ੋਰਦਾਰ ਸੀ ਕਿ ਇੱਕ ਗੱਡੀ ਪਲਟ ਗਈ ਤੇ ਦਲਦਲੇ ਇਲਾਕੇ ਵਿੱਚ ਜਾ ਕੇ ਰੁਕੀ ਜਦਕਿ ਦੂਜੀ ਗੱਡੀ ਇੱਕ ਖੱਡ ਵਿੱਚ ਜਾ ਡਿੱਗੀ। ਦਰਹਾਮ ਰੀਜਨਲ ਪੁਲਿਸ ਸਰਵਿਸ (ਡੀਆਰਪੀਐਸ) ਨੇ ਆਖਿਆ ਕਿ ਇਸ ਹਾਦਸੇ ਵਿੱਚ ਪੰਜ ਵਿਅਕਤੀ ਜ਼ਖ਼ਮੀ ਹੋ ਗਏ। ਉਨ੍ਹਾਂ ਦੱਸਿਆ ਕਿ ਕੁੱਝ ਜ਼ਖ਼ਮੀਆਂ ਦੀ ਹਾਲਤ ਕਾਫੀ ਨਾਜ਼ੁਕ ਹੈ ਤੇ ਕਈਆਂ ਦੀ ਹਾਲਤ ਬਹੁਤੀ ਖਰਾਬ ਨਹੀਂ ਹੈ।

ਚਸ਼ਮਦੀਦਾਂ ਨੇ ਦੱਸਿਆ ਕਿ ਇੱਕ ਬੱਚੇ ਸਮੇਤ ਤਿੰਨ ਵਿਅਕਤੀ ਉਸ ਕਾਰ ਵਿੱਚ ਸਨ ਜਿਹੜੀ ਪਲਟ ਗਈ ਜਦਕਿ ਦੋ ਬਾਲਗ ਦੂਜੀ ਗੱਡੀ ਵਿੱਚ ਸਨ। ਤਿੰਨ ਬਾਲਗਾਂ ਨੂੰ ਅਕਸਬ੍ਰਿੱਜ ਇਲਾਕੇ ਦੇ ਹਸਪਤਾਲ ਲਿਜਾਇਆ ਗਿਆ ਜਦਕਿ ਬੱਚੇ ਨੂੰ ਏਅਰ ਐਂਬੂਲੈਂਸ ਰਾਹੀਂ ਟੋਰਾਂਟੋ ਦੇ ਹੌਸਪਿਟਲ ਫੌਰ ਸਿੱਕ ਚਿਲਡਰਨ ਲਿਜਾਇਆ ਗਿਆ। ਮਹਿਲਾ, ਜਿਹੜੀ ਆਪਣੇ 20ਵਿਆਂ ਵਿੱਚ ਸੀ, ਨੂੰ ਡਾਊਨਟਾਊਨ ਦੇ ਟਰੌਮਾ ਸੈਂਟਰ ਲਿਜਾਇਆ ਗਿਆ ਜਿੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਹਾਦਸੇ ਤੋਂ ਕੁੱਝ ਸਮੇਂ ਬਾਅਦ ਹੀ ਪੁਲਿਸ ਮੌਕੇ ਉੱਤੇ ਪਹੁੰਚ ਗਈ। ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

## ਮਿੰਨੀਵੈਨ ਐਂਬੂਲੈਂਸ ਨਾਲ ਟਕਰਾਈ, 2 ਪੈਰਾਮੈਡਿਕਸ ਜ਼ਖ਼ਮੀ



ਟੋਰਾਂਟੋ, 30 ਜਨਵਰੀ (ਪੋਸਟ ਬਿਊਰੋ) : ਮੰਗਲਵਾਰ ਸਵੇਰੇ ਟੋਰਾਂਟੋ ਵੈਸਟ ਵਿੱਚ ਇੱਕ ਮਿੰਨੀਵੈਨ ਵੱਲੋਂ ਐਂਬੂਲੈਂਸ ਨੂੰ ਟੱਕਰ ਮਾਰੇ ਜਾਣ ਕਾਰਨ ਪੈਰਾਮੈਡਿਕਸ ਜ਼ਖ਼ਮੀ ਹੋ ਗਏ। ਪੁਲਿਸ ਕੁੱਝ ਅਜਿਹੇ ਲੋਕਾਂ ਦੇ ਗਰੁੱਪ ਦੀ ਭਾਲ ਕਰ ਰਹੀ ਹੈ ਜਿਹੜੇ ਹਾਦਸੇ ਤੋਂ ਬਾਅਦ ਮਿੰਨੀਵੈਨ ਉੱਥੇ ਹੀ ਛੱਡ ਕੇ ਪੈਦਲ ਫਰਾਰ ਹੋ ਗਏ।

ਤੜਕੇ 3:50 ਦੇ ਨੇੜੇ ਤੇੜੇ ਹਾਦਸੇ ਦੀ ਜਾਣਕਾਰੀ ਦੇ ਕੇ ਐਮਰਜੰਸੀ ਅਮਲੇ ਨੂੰ ਬਲੂਅਰ ਸਟਰੀਟ ਵੈਸਟ ਦੇ ਉੱਤਰ ਵੱਲ ਡੋਵਰਕੋਰਟ ਰੋਡ ਤੇ ਹਲਾਮ ਸਟਰੀਟ ਉੱਤੇ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਇੱਕ ਮਿੰਨੀਵੈਨ ਐਂਬੂਲੈਂਸ ਤੇ ਖੰਭੇ ਨਾਲ ਟਕਰਾਈ ਤੇ ਉਸ ਵਿੱਚੋਂ ਤਿੰਨ ਲੋਕ ਨਿਕਲ ਕੇ ਫਰਾਰ ਹੋ ਗਏ। ਹਾਦਸੇ ਵਿੱਚ ਮਿੰਨੀਵੈਨ ਨੂੰ ਕਾਫੀ ਨੁਕਸਾਨ ਪਹੁੰਚਿਆ। ਪੁਲਿਸ ਨੇ ਦੱਸਿਆ ਕਿ ਐਂਬੂਲੈਂਸ ਵਿੱਚ ਸਵਾਰ ਦੋ ਪੈਰਾਮੈਡਿਕਸ ਨੂੰ ਹਸਪਤਾਲ ਲਿਜਾਇਆ ਗਿਆ। ਹਾਦਸੇ ਸਮੇਂ ਐਂਬੂਲੈਂਸ ਵਿੱਚ ਕੋਈ ਮਰੀਜ਼ ਸਵਾਰ ਨਹੀਂ ਸੀ। ਵੈਨ ਛੱਡ ਕੇ ਭੱਜੇ ਲੋਕਾਂ ਦੀ ਭਾਲ ਲਈ ਪੁਲਿਸ ਵੱਲੋਂ ਸੂਹੀਆ ਕੁੱਤਿਆਂ ਦੀ ਮਦਦ ਨਾਲ ਇਲਾਕੇ ਦੀ ਤਲਾਸ਼ੀ ਲਈ ਜਾ ਰਹੀ ਹੈ। ਅਜੇ ਤੱਕ ਕਿਸੇ ਮਸ਼ਕੂਕ ਦਾ ਵੇਰਵਾ ਜਾਰੀ ਨਹੀਂ ਕੀਤਾ ਗਿਆ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਟੌਇਟਾ ਤੇ ਜੀਐਮ ਨੇ ਵਾਪਿਸ ਮੰਗਵਾਈਆਂ 8,300 ਗੱਡੀਆਂ

ਓਟਵਾ, 30 ਜਨਵਰੀ (ਪੋਸਟ ਬਿਊਰੋ) : ਟੌਇਟਾ ਤੇ ਜਨਰਲ ਮੋਟਰਜ਼ ਵੱਲੋਂ ਕੈਨੇਡਾ ਤੋਂ 8,300 ਗੱਡੀਆਂ ਵਾਪਿਸ ਮੰਗਵਾ ਲਈਆਂ ਗਈਆਂ ਹਨ। ਇਨ੍ਹਾਂ ਗੱਡੀਆਂ ਦੇ ਏਅਰ ਬੈਗ ਇਨਫਲੇਟਰਜ਼ ਫਟਣ ਦੀ ਸੰਭਾਵਨਾ ਕਾਰਨ ਇਹ ਕਦਮ ਚੁੱਕਿਆ ਗਿਆ ਹੈ।

ਇਸ ਨੋਟਿਸ ਰਾਹੀਂ ਕੈਨੇਡਾ ਵਿੱਚ 2003 ਤੋਂ 2004 ਮਾਡਲ ਦੀਆਂ ਵੇਚੀਆਂ ਗਈਆਂ ਗੱਡੀਆਂ ਸ਼ਾਮਲ ਹਨ ਜਿਨ੍ਹਾਂ ਵਿੱਚੋਂ 5,000 ਟੌਇਟਾ ਕੋਰੋਲਾ, 1600 ਟੌਇਟਾ ਕੋਰੋਲਾ ਮੈਟਰਿਕਸਿਜ਼, 700 ਟੌਇਟਾ ਆਰਏਵੀ4ਜ਼ ਤੇ ਜਨਰਲ ਮੋਟਰਜ਼ ਦੀਆਂ 1,000 ਪੌਨਟੀਐਕ ਵਾਈਬਜ਼ ਸ਼ਾਮਲ ਹਨ। ਹਾਲਾਂਕਿ ਗੱਡੀਆਂ ਇੰਜ ਵਾਪਿਸ ਮੰਗਵਾਉਣ ਦਾ ਮੁੱਦਾ ਨਵਾਂ ਨਹੀਂ ਹੈ ਪਰ



ਟੌਇਟਾ ਕੈਨੇਡਾ ਦੇ ਬੁਲਾਰੇ ਫਿਲਿਪ ਕਰੋਅ ਨੇ ਆਖਿਆ ਕਿ ਉਨ੍ਹਾਂ ਦੀ ਕੰਪਨੀ ਉਨ੍ਹਾਂ ਕਸਟਮਰਜ਼ ਤੱਕ ਪਹੁੰਚਣ ਦੀ ਕੋਸ਼ਿਸ਼ ਕਰ ਰਹੀ ਹੈ ਜਿਹੜੇ ਅਜੇ ਵੀ ਖ਼ਤਰੇ ਦੀ ਜਦ ਵਿੱਚ ਰਹਿ ਕੇ ਇਹ ਗੱਡੀਆਂ ਚਲਾ ਰਹੇ ਹਨ।

ਕਰੋਅ ਨੇ ਇੱਕ ਈਮੇਲ ਵਿੱਚ ਦੱਸਿਆ ਕਿ ਗੱਡੀਆਂ ਨਾ ਚਲਾਉਣ ਦਾ ਨੋਟਿਸ ਉਨ੍ਹਾਂ ਗੱਡੀਆਂ ਦੇ ਮਾਲਕਾਂ ਨੂੰ ਭੇਜਿਆ ਗਿਆ ਹੈ ਜਿਨ੍ਹਾਂ ਨਾਲ ਵਾਰੀ ਵਾਰੀ ਸੰਪਰਕ ਕਰਨ ਦੇ ਬਾਵਜੂਦ ਗੱਲ ਨਹੀਂ ਸੀ ਹੋ ਸਕੀ ਤੇ ਇਸੇ ਲਈ ਉਨ੍ਹਾਂ ਦੀਆਂ ਗੱਡੀਆਂ ਨੂੰ ਠੀਕ ਕਰਨ ਲਈ ਵਾਪਿਸ ਮੰਗਵਾਇਆ ਗਿਆ ਹੈ। ਇਸ ਦੌਰਾਨ ਜਨਰਲ ਮੋਟਰਜ਼ ਦੇ ਬੁਲਾਰੇ ਬਿੱਲ ਗ੍ਰੌਟਜ਼ ਨੇ ਆਖਿਆ ਕਿ ਸਾਡੇ ਵੱਲੋਂ ਇਸ ਲਈ ਗੱਡੀਆਂ ਦੇ ਮਾਲਕਾਂ ਨੂੰ ਗੱਡੀਆਂ ਨਾ ਚਲਾਉਣ ਦਾ ਨੋਟਿਸ ਜਾਰੀ ਕੀਤਾ ਗਿਆ ਹੈ ਤਾਂ ਕਿ ਇਨ੍ਹਾਂ ਗੱਡੀਆਂ ਦੀ ਪਹਿਲ ਦੇ ਆਧਾਰ ਉੱਤੇ ਤੇ ਮੁਫਤ ਰਿਪੇਅਰ ਹੋ ਸਕੇ।

ਦੋਵਾਂ ਏਜੰਸੀਆਂ ਦੇ ਬੁਲਾਰਿਆਂ ਨੇ ਦੱਸਿਆ ਕਿ ਡਰ ਇਸ ਗੱਲ ਦਾ ਹੈ ਕਿ ਜੇ ਏਅਰ ਬੈਗ ਖੁੱਲ੍ਹ ਜਾਂਦੇ ਹਨ ਤਾਂ ਉਨ੍ਹਾਂ ਦੇ ਅੰਦਰ ਦਾ ਇੱਕ ਹਿੱਸਾ ਫਟ ਸਕਦਾ ਹੈ ਤੇ ਉਸ ਵਿੱਚੋਂ ਤਿੱਖੇ ਮੈਟਲ ਦੇ ਹਿੱਸੇ ਨਿਕਲ ਕੇ ਡਰਾਈਵਰ ਜਾਂ ਪੈਸੈਂਜਰ ਨੂੰ ਜ਼ਖ਼ਮੀ ਕਰ ਸਕਦੇ ਹਨ ਜਾਂ ਫਿਰ ਉਨ੍ਹਾਂ ਦੀ ਮੌਤ ਵੀ ਹੋ ਸਕਦੀ ਹੈ। ਅਜਿਹੀ ਕੋਈ ਘਟਨਾ ਕੈਨੇਡਾ ਵਿੱਚ ਨਹੀਂ ਵਾਪਰੀ ਪਰ ਅਹਿਤਿਆਤਨ ਇਨ੍ਹਾਂ ਗੱਡੀਆਂ ਨੂੰ ਵਾਪਿਸ ਮੰਗਵਾਇਆ ਜਾ ਰਿਹਾ ਹੈ।

MagGas Medical Brampton
MGM
MAGGAS MEDICAL INC.
Helping you breathe deep and rest easy.
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਮੁਫਤ ਪਿਕਅਪ ਅਤੇ ਡਰਾਪ ਆਫ਼
ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

SUPER VISA INSURANCE EXPERTS
Punjab Insurance Inc
RANJIT GILL Insurance Advisor
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs
Wasps
Cockroaches
Carpenter Ants
Silver Fish
Racoons
Call : PARESH PATEL
(Government Approved Licensed Technician)
416 938 4598

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Business Law
Wills & Estates
Family Law
Power of Attorney
Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਰਹਿ ਗਏ ਵੇਖਦੇ ਲੀਡਰ ਤੇ ਮੀਡੀਆ ਵੀ,
ਚੰਡੀਗੜ੍ਹ ਮੇਅਰ ਦੀ ਹੋਈ ਜਾਂਚੋਣ ਬੇਲੀ।
ਕੈਮਰੇ ਸਾਹਵੇਂ ਚਲਾਕੀ ਆ ਹੋਈ ਜਿਹੜੀ,
ਧੱਬਾ ਮੁਸ਼ਕਲ ਹੈ ਇਹੋ ਜਿਹਾ ਧੋਣ ਬੇਲੀ।
ਲੱਗਿਆ ਜਿਨ੍ਹਾਂ ਦਾ ਦਾਅ ਉਹ ਜਾਣ ਨੱਚੀ,
ਜੀਹਨਾਂ ਮਾਤ ਖਾਧੀ ਉਹਪਏਰੋਣ ਬੇਲੀ।
ਜਿਹੜੀ ਡਿੱਠੀ ਪ੍ਰਕਿਰਿਆ ਸੀ ਐਸ ਵਾਰੀ,
ਪਹਿਲੀ ਹੋਈ ਨਾ, ਲੱਗੀ ਨਹੀਂ ਹੋਣ ਬੇਲੀ।
ਨੁਕਤਾਚੀਨੀ ਜਿਹੀ ਕਰੇ ਕੋਈ ਕਰੀ ਜਾਵੇ,
ਹਕੂਮਤੀ ਪੱਖ ਦਾ ਚੱਲ ਗਿਆ ਜ਼ੋਰ ਬੇਲੀ।
ਲੰਘਿਆ ਸੱਪ, ਲਕੀਰ ਕੋਈ ਜਾਏ ਪਿੱਟੀ,
ਦਿਨਾਂ ਢਾਈਆਂ ਤੋਂ ਵੱਧ ਨਹੀਂ ਸ਼ੋਰ ਬੇਲੀ।

**ਤੀਸ ਮਾਰ ਖਾਂ**

# ਪੰਜਾਬ ਸਰਕਾਰ 3 ਫਰਵਰੀ ਨੂੰ ਪ੍ਰਵਾਸੀ ਭਾਰਤੀ ਮਿਲਣੀ ਕਰਵਾਏਗੀ : ਧਾਲੀਵਾਲ



ਗੁਰਦਾਸਪੁਰ, 30 ਜਨਵਰੀ (ਪੋਸਟ ਬਿਊਰੋ): ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਐਲਾਨ ਕੀਤਾ ਹੈ ਕਿ 3 ਫਰਵਰੀ ਨੂੰ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਪਠਾਨਕੋਟ ਦੇ ਚਮਰੋਰ (ਮਿੰਨੀ ਗੋਆ) ਵਿਖੇ ਪ੍ਰਵਾਸੀ ਭਾਰਤੀ ਮਿਲਣੀ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਪ੍ਰਵਾਸੀ ਭਾਰਤੀ ਮਿਲਣੀ ਦਾ ਉਦਘਾਟਨ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਕੀਤਾ ਜਾਵੇਗਾ।

ਅੱਜ ਸਥਾਨਕ ਪੰਚਾਇਤ ਭਵਨ ਵਿਖੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਪ੍ਰਵਾਸੀ ਭਾਰਤੀ ਮਾਮਲਿਆਂ ਦੇ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਿੰਨੀ ਗੋਆ ਵਿਖੇ ਹੋਣ ਇਸ ਐੱਨ.ਆਰ.ਆਈ. ਮਿਲਣੀ ਦੇ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਰਾਵੀ ਦਰਿਆ ਦੇ ਕੰਢੇ 'ਤੇ ਰਮਣੀਕ ਮਹੌਲ ਵਿੱਚ ਹੋਣ ਵਾਲੀ ਇਸ ਮਿਲਣੀ ਵਿੱਚ ਪੰਜਾਬ ਸਰਕਾਰ ਵੱਲੋਂ ਪ੍ਰਵਾਸੀ ਭਾਰਤੀਆਂ ਦੀਆਂ ਮੁਸ਼ਕਲਾਂ ਸੁਣ ਕੇ ਉਨ੍ਹਾਂ ਦੇ ਮਸਲੇ ਹੱਲ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਐੱਨ.ਆਰ.ਆਈ. ਮਿਲਣੀ ਵਿੱਚ ਜਿੱਥੇ ਪ੍ਰਵਾਸੀ ਭਾਰਤੀਆਂ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਜਾਣਗੀਆਂ ਓਥੇ ਨਾਲ ਹੀ ਉਨ੍ਹਾਂ ਨੂੰ ਪੰਜਾਬ ਦੇ ਕੁਦਰਤੀ ਸੁਹੱਪਣ ਦੇ ਦਰਸ਼ਨ ਵੀ ਕਰਵਾਏ ਜਾਣਗੇ। ਸ. ਧਾਲੀਵਾਲ ਨੇ ਸੂਬੇ ਦੇ ਪ੍ਰਵਾਸੀ ਭਾਰਤੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਤਿੰਨ ਫਰਵਰੀ ਨੂੰ ਜ਼ਿਲ੍ਹਾ ਪਠਾਨਕੋਟ ਦੇ ਚਮਰੋਰ (ਮਿੰਨੀ ਗੋਆ) ਵਿਖੇ ਪਹੁੰਚ ਕੇ ਪ੍ਰਵਾਸੀ ਭਾਰਤੀ ਮਿਲਣੀ ਵਿੱਚ ਸ਼ਾਮਲ ਹੋਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾ ਹੀ ਪ੍ਰਵਾਸੀ ਭਾਰਤੀਆਂ ਦੀ ਸੇਵਾ ਵਿੱਚ ਹਾਜ਼ਰ ਹੈ।

# ਭਾਜਪਾ ਨੇ 36 ਵੋਟਾਂ ਦੀ ਗਿਣਤੀ ਵਿੱਚ ਕੀਤੀ ਗੜਬੜੀ, ਦੇਸ਼ ਭਰ ਵਿੱਚ ਨਿਰਪੱਖ ਚੋਣਾਂ ਦੀ ਤਵੱਕੋ ਕਿਵੇਂ ਕੀਤੀ ਜਾ ਸਕਦੀ ਹੈ : ਮੁੱਖ ਮੰਤਰੀ

## ਪ੍ਰੀਜ਼ਾਈਡਿੰਗ ਅਫ਼ਸਰ ਖ਼ਿਲਾਫ਼ ਦੇਸ਼ ਧ੍ਰੋਹ ਦਾ ਕੇਸ ਦਰਜ ਕਰਨ ਦੀ ਮੰਗ



ਚੰਡੀਗੜ੍ਹ, 30 ਜਨਵਰੀ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 30 ਜਨਵਰੀ ਨੂੰ ਭਾਰਤੀ ਸਿਆਸਤ ਦੇ ਇਤਿਹਾਸ ਵਿੱਚ 'ਕਾਲੇ ਦਿਨ' ਵਜੋਂ ਯਾਦ ਕੀਤਾ ਜਾਵੇਗਾ ਕਿਉਂਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਅੱਜ ਚੰਡੀਗੜ੍ਹ ਦੇ ਮੇਅਰ ਦੀ ਚੋਣ ਦੌਰਾਨ ਜਮਹੂਰੀਅਤ ਦੀਆਂ ਧੱਜੀਆਂ ਉਡਾਈਆਂ ਹਨ।

ਇੱਥੇ ਪੰਜਾਬ ਭਵਨ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਮੌਕੇ ਨੂੰ ਸਾਡੀ ਜਮਹੂਰੀਅਤ ਦੇ ਇਤਿਹਾਸ ਵਿੱਚ ਕਾਲੇ ਦਿਨ ਵਜੋਂ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਜਿਸ ਮਹੀਨੇ ਪੂਰੇ ਦੇਸ਼ ਵਿੱਚ ਗਣਤੰਤਰ ਦਿਵਸ ਮਨਾਇਆ ਗਿਆ ਤਾਂ ਇਸੇ ਮਹੀਨੇ ਨੂੰ ਭਾਜਪਾ ਨੇ ਦੇਸ਼ ਦੇ ਸੰਵਿਧਾਨ ਦੀਆਂ ਧੱਜੀਆਂ ਉਡਾਉਣ ਲਈ ਚੁਣਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਭਾਜਪਾ ਦੀ ਪੁਰਾਣੀ ਆਦਤ ਹੈ ਕਿਉਂਕਿ ਉਸ ਨੇ ਪਹਿਲਾਂ ਵੀ ਮੱਧ ਪ੍ਰਦੇਸ਼, ਕਰਨਾਟਕ, ਗੋਆ, ਮਹਾਰਾਸ਼ਟਰ ਤੇ ਹੋਰ ਸੂਬਿਆਂ ਵਿੱਚ ਜਮਹੂਰੀ ਤਰੀਕੇ ਨਾਲ ਚੁਣੀਆਂ ਸਰਕਾਰਾਂ ਦਾ ਤਖ਼ਤਾ ਪਲਟਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਜੇ ਸਿਰਫ਼ 36 ਵੋਟਾਂ ਦੀ ਗਿਣਤੀ ਨਿਰਪੱਖ ਤੇ ਪਾਰਦਰਸ਼ੀ ਤਰੀਕੇ ਨਾਲ ਨਹੀਂ ਹੋ ਸਕਦੀ ਤਾਂ ਸਮੁੱਚੇ ਦੇਸ਼ ਵਿੱਚ ਚੋਣਾਂ ਅਤੇ ਵੋਟਾਂ ਦੀ ਗਿਣਤੀ ਕਿਵੇਂ ਨਿਰਪੱਖ ਤਰੀਕੇ ਨਾਲ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਆਗੂ ਆਪਣੇ ਨਿੱਜੀ ਸਵਾਰਥਾਂ ਲਈ ਵੋਟਰਾਂ ਤੋਂ ਬੈਲਟ ਪੇਪਰ ਲੁੱਟਣਗੇ ਅਤੇ ਪਹਿਲਾਂ ਵੀ ਈ.ਵੀ.ਐਮ. ਮਸ਼ੀਨਾਂ ਇਨ੍ਹਾਂ ਆਗੂਆਂ ਦੇ ਘਰਾਂ ਤੋਂ ਮਿਲੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਤੰਤਰ ਸਹੀ ਦਿਸ਼ਾ ਵਿੱਚ ਨਹੀਂ ਜਾ ਰਿਹਾ ਅਤੇ ਇਹ ਦੇਸ਼ ਤੇ ਆਮ ਆਦਮੀ ਦੇ ਹਿੱਤ ਵਿੱਚ ਨਹੀਂ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਨੇ ਜਾਣ-ਬੁੱਝ ਕੇ ਆਪਣੇ ਘੱਟ ਗਿਣਤੀ ਵਿੰਗ ਦੇ ਮੁਖੀ ਨੂੰ ਚੰਡੀਗੜ੍ਹ ਦੇ ਮੇਅਰ ਦੀ ਚੋਣ ਲਈ ਪ੍ਰੀਜ਼ਾਈਡਿੰਗ ਅਫ਼ਸਰ ਨਿਯੁਕਤ ਕੀਤਾ। ਉਨ੍ਹਾਂ ਕਿਹਾ ਕਿ ਇਸ ਪ੍ਰੀਜ਼ਾਈਡਿੰਗ ਅਫ਼ਸਰ ਨੇ ਭਾਜਪਾ ਦੀ ਜਿੱਤ ਯਕੀਨੀ ਬਣਾਉਣ ਲਈ 'ਗੋਡਿਆਂ ਭਾਰ' ਹੋ ਕੇ ਆਪਣੇ ਆਕਾਵਾਂ ਦੀ ਇੱਛਾ ਉਤੇ ਫੁੱਲ ਚੜ੍ਹਾਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪ੍ਰੀਜ਼ਾਈਡਿੰਗ ਅਫ਼ਸਰ ਨੇ ਡਾ. ਬੀ.ਆਰ. ਅੰਬੇਦਕਰ ਵੱਲੋਂ ਸੰਕਲਪਿਤ ਸੰਵਿਧਾਨਿਕ ਪ੍ਰਕਿਰਆ ਦੀਆਂ ਧੱਜੀਆਂ ਉਡਾ ਕੇ ਸਮੁੱਚੇ ਦੇਸ਼ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪ੍ਰੀਜ਼ਾਈਡਿੰਗ ਅਫਸਰ ਦੇ ਖਿਲਾਫ ਦੇਸ਼ ਦੇ ਸੰਵਿਧਾਨ ਦੀਆਂ ਧੱਜੀਆਂ ਉਡਾਉਣ ਦੇ ਦੋਸ਼ ਵਿੱਚ ਦੇਸ਼ਧ੍ਰੋਹ ਦਾ ਕੇਸ ਦਰਜ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪ੍ਰੀਜ਼ਾਈਡੰਗ ਅਫਸਰ ਨੇ ਜਾਣਬੁੱਝ ਕੇ ਪੋਲਿੰਗ ਏਜੰਟਾਂ ਦੀ ਗੈਰ-ਹਾਜ਼ਰੀ ਵਿੱਚ ਵੋਟਾਂ ਦੀ ਗਿਣਤੀ ਕੀਤੀ ਤਾਂ ਭਾਜਪਾ ਉਮੀਦਵਾਰ ਦੀ ਜਿੱਤ ਪੱਕੀ ਕੀਤੀ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਹੁਤ ਮੰਦਭਾਗੀ ਗੱਲ ਹੈ ਕਿਉਂਕਿ ਭਗਵਾਂ ਪਾਰਟੀ ਦੀ ਖਾਤਰ ਜਮਹੂਰੀਅਤ ਨੂੰ ਬੁਰੀ ਤਰ੍ਹਾਂ ਲਿਤਾੜਿਆ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਗੱਲ ਦੀ ਬਹੁਤੀ ਹੈਰਾਨੀ ਨਹੀਂ ਹੁੰਦੀ ਕਿ ਭਾਜਪਾ ਨੇ ਚੰਡੀਗੜ੍ਹ ਵਿੱਚ ਜਮਹੂਰੀ ਕਦਰਾਂ-ਕੀਮਤਾਂ ਦਾ ਘਾਣ ਕੀਤਾ ਸਗੋਂ ਅਸਲ ਮੁੱਦਾ ਤਾਂ ਇਹ ਹੈ ਕਿ ਭਾਜਪਾਈ ਅਗਾਮੀ ਲੋਕ ਸਭਾ ਚੋਣਾਂ ਵਿੱਚ ਵੀ ਲੋਕਾਂ ਨੂੰ ਜਮਹੂਰੀ ਹੱਕਾਂ ਤੋਂ ਵਿਰਵੇ ਕਰ ਦੇਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਦਿਨ-ਦਿਹਾੜੇ ਚੰਡੀਗੜ੍ਹ ਵਿੱਚ ਜਮਹੂਰੀਅਤ ਦਾ ਕਤਲ ਹੋਇਆ ਹੈ। ਉਨ੍ਹਾਂ ਕਿਹਾ ਕਿ ਅੱਜ ਦਾ ਵਰਤਾਰਾ ਦੇਖ ਕੇ ਬਾਬਾ ਸਾਹਿਬ ਬੀ.ਆਰ. ਅੰਬੇਦਕਰ ਦੀ ਰੂਹ ਵੀ ਕੁਰਲਾ ਉੱਠੀ ਹੋਵੇਗੀ। ਉਨ੍ਹਾਂ ਕਿਹਾ ਕਿ ਉਹ ਅਦਾਲਤ ਦਾ ਦਰਵਾਜ਼ਾ ਖੜਕਾਉਣਗੇ ਅਤੇ ਇਸ ਚੋਣ ਨੂੰ ਚੁਣੌਤੀ ਦੇਣਗੇ ਕਿਉਂ ਜੋ ਇਸ ਚੋਣ ਵਿੱਚ ਜਮਹੂਰੀ ਕਦਰਾਂ-ਕੀਮਤਾਂ ਨੂੰ ਲਾਂਭੇ ਕੀਤਾ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਵਿੱਚ ਕੋਈ ਸ਼ੱਕ ਨਹੀਂ ਕਿ ਦੇਸ਼ ਵਿੱਚ ਜਮਹੂਰੀਅਤ ਲਈ ਕੋਈ ਥਾਂ ਨਹੀਂ ਬਚੀ ਕਿਉਂਕਿ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਨੇ ਚੋਣਾਂ ਨੂੰ ਹਾਈਜੈਕ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਹੁਣ ਇਹ ਸੰਦੇਹ ਪੈਦਾ ਹੋ ਗਿਆ ਹੈ ਕਿ ਅਗਾਮੀਆਂ ਚੋਣਾਂ ਵਿੱਚ ਦੇਸ਼ ਭਰ ਵਿੱਚ ਅਗਾਮੀ ਚੋਣਾਂ ਨਿਰਪੱਖ ਨਹੀਂ ਹੋਣਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਕਿਸੇ ਵੀ ਪਾਰਟੀ ਜਾਂ ਗੱਠਜੋੜ ਦੀ ਹੋਂਦ ਦਾ ਸਵਾਲ ਨਹੀਂ ਸਗੋਂ ਦੇਸ਼ ਵਿੱਚ ਜਮਹੂਰੀਅਤ ਦਾ ਸਵਾਲ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਦੇ ਨਾਮਜ਼ਦ ਉਮੀਦਵਾਰ ਨੂੰ ਪਹਿਲਾਂ ਹੀ ਇਸ ਗੱਲ ਦਾ ਇਲਮ ਸੀ ਕਿ ਉਹ ਜਿੱਤ ਜਾਵੇਗਾ ਜਿਸ ਕਰਕੇ ਉਹ ਕੁਰਸੀ ਦੇ ਨੇੜੇ ਹੀ ਖੜ੍ਹਾ ਸੀ ਅਤੇ ਤੁਰੰਤ ਕੁਰਸੀ ਉਤੇ ਬੈਠ ਗਿਆ। ਉਨ੍ਹਾਂ ਕਿਹਾ ਕਿ ਪ੍ਰੀਜ਼ਾਈਡਿੰਗ ਅਫਸਰ ਦੇਰੀ ਨਾਲ ਆਇਆ ਕਿਉਂਕਿ ਉਸ ਨੂੰ ਇਸ ਬਾਰੇ ਹੁਕਮ ਚਾੜ੍ਹੇ ਜਾ ਰਹੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਤੰਤਰ ਦਾ ਕਤਲ ਕਰਨ ਲਈ ਜੁਅੱਰਤਹੀਣ ਪ੍ਰੀਜ਼ਾਈਡਿੰਗ ਅਫਸਰ ਆਪਣੇ ਅਫਸਰ ਅੱਗੇ ਗੋਡਿਆਂ ਭਾਰ ਹੋ ਗਿਆ ਜਿਸ ਨੂੰ ਸਹਿਣ ਨਹੀਂ ਕੀਤਾ ਜਾ ਸਕਦਾ।

# ਸੰਗਰੂਰ ਦੇ ਮੈਰੀਟੋਰੀਅਸ ਸਕੂਲ ਵਿਚ 12ਵੀਂ ਜਮਾਤ ਦੇ ਵਿਦਿਆਰਥੀ ਨੇ ਕੀਤੀ ਖੁਦਕੁਸ਼ੀ



ਚੰਡੀਗੜ੍ਹ, 30 ਜਨਵਰੀ (ਪੋਸਟ ਬਿਊਰੋ): ਬੀਤੀ ਰਾਤ ਪੰਜਾਬ ਦੇ ਸੰਗਰੂਰ ਦੇ ਮੈਰੀਟੋਰੀਅਸ ਸਕੂਲ ਦੇ ਹੋਸਟਲ ਵਿੱਚ 12ਵੀਂ ਜਮਾਤ ਦੇ ਵਿਦਿਆਰਥੀ ਨੇ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। ਮ੍ਰਿਤਕ ਦੀ ਪਹਿਚਾਣ ਕਰਨ ਸਿੰਘ ਵਾਸੀ ਸੰਗਰੂਰ, ਲਹਿਰਾਗਾਗਾ ਵਜੋਂ ਹੋਈ ਹੈ। ਪੁਲਿਸ ਨੇ ਕਰਨ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਸਿਵਲ ਹਸਪਤਾਲ ਵਿੱਚ ਰੱਖਵਾ ਦਿੱਤਾ ਹੈ। ਉਸਦੀ ਲਾਸ਼ ਦਾ ਪੋਸਟਮਾਰਟਮ ਅੱਜ ਹੋਵੇਗਾ।

ਦੱਸਿਆ ਜਾ ਰਿਹਾ ਹੈ ਕਿ ਅਧਿਆਪਕ ਨੇ ਵਿਦਿਆਰਥੀ ਦੇ ਪਿਓ ਨੂੰ ਫੋਨ ਕਰਕੇ ਪ੍ਰੀਖਿਆ 'ਚ ਘੱਟ ਨੰਬਰ ਆਉਣ ਦੀ ਸ਼ਿਕਾਇਤ ਕੀਤੀ ਸੀ। ਵਿਦਿਆਰਥੀ ਦੇ ਪਿਓ ਸੁਰੇਸ਼ ਦਾ ਕਹਿਣਾ ਹੈ ਕਿ ਮੈਂ ਆਪਣੇ ਬੱਚੇ ਨੂੰ ਹੋਸਟਲ ਨਹੀਂ ਭੇਜਣਾ ਚਾਹੁੰਦਾ ਸੀ। ਪਰ ਸਕੂਲ ਨੇ ਬੱਚੇ ਨੂੰ ਹੋਸਟਲ ਵਿੱਚ ਰਹਿਣ ਲਈ ਮਜ਼ਬੂਰ ਕਰ ਦਿੱਤਾ। ਪਿਓ ਨੇ ਦੋਸ਼ ਲਾਇਆ ਹੈ ਕਿ ਸਕੂਲ ਪ੍ਰਸ਼ਾਸਨ ਵੱਲੋਂ ਉਸ ਦੇ ਬੱਚੇ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾਂਦਾ ਸੀ।

ਜਿਸ ਕਾਰਨ ਉਸ ਨੇ ਇਹ ਕਦਮ ਚੁੱਕਿਆ। ਇਸ ਸਬੰਧੀ ਡੀਐਸਪੀ ਮਨੋਜ ਨੇ ਦੱਸਿਆ ਕਿ ਅੱਜ ਪਰਿਵਾਰ ਦੇ ਬਿਆਨ ਦਰਜ ਕਰਕੇ ਪੁਲਿਸ ਅਗਲੇਰੀ ਕਾਰਵਾਈ ਕਰੇਗੀ। ਪ੍ਰਾਪਤ ਜਾਣਕਾਰੀ ਅਨੁਸਾਰ ਕਰਨ ਸੰਗਰੂਰ ਦੇ ਘਾਬਦਾਂ ਵਿੱਚ ਸਥਿਤ ਮੈਰੀਟੋਰੀਅਸ ਸਕੂਲ ਵਿੱਚ 12ਵੀਂ ਜਮਾਤ ਵਿੱਚ ਕਾਮਰਸ ਸਟਰੀਮ ਵਿੱਚ ਪੜ੍ਹਦਾ ਸੀ। ਸੋਮਵਾਰ ਦੇਰ ਸ਼ਾਮ ਕਰਨ ਨੇ ਸਕੂਲ ਦੇ ਵਿਹੜੇ 'ਚ ਬਣੇ ਹੋਸਟਲ 'ਚ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ।

ਮ੍ਰਿਤਕ ਕਰਨ ਦੇ ਪਿਤਾ ਪੇਸ਼ੇ ਤੋਂ ਸਬਜ਼ੀ ਵੇਚਣ ਵਾਲੇ ਹਨ। ਕਰਨ ਦੇ ਪਿਤਾ ਸੁਰੇਸ਼ ਸਿੰਘ ਨੇ ਪੁਲਿਸ ਨੂੰ ਦੱਸਿਆ ਕਿ ਉਨ੍ਹਾਂ ਨੂੰ ਦੁਪਹਿਰ ਕਰੀਬ 3 ਵਜੇ ਕਰਨ ਦੇ ਸਕੂਲ ਅਧਿਆਪਕ ਦਾ ਫੋਨ ਆਇਆ ਸੀ। ਅਧਿਆਪਕ ਨੇ ਦੱਸਿਆ ਕਿ ਬੇਟੇ ਦੇ ਪੇਪਰ ਵਿੱਚ ਘੱਟ ਨੰਬਰ ਆਏ ਹਨ, ਬੇਟੇ ਦਾ ਧਿਆਨ ਰੱਖੋ। ਸੁਰੇਸ਼ ਨੇ ਦੱਸਿਆ ਕਿ ਉਸ ਦੇ ਤਿੰਨ ਪੁੱਤਰ ਹਨ, ਕਰਨ ਉਸ ਦਾ ਸਭ ਤੋਂ ਛੋਟਾ ਪੁੱਤਰ ਸੀ।

# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਤਨਾਮ ਸੰਧੂ ਨੂੰ ਰਾਜ ਸਭਾ ਮੈਂਬਰ ਬਣਨ 'ਤੇ ਦਿੱਤੀ ਵਧਾਈ



ਚੰਡੀਗੜ੍ਹ, 30 ਜਨਵਰੀ (ਪੋਸਟ ਬਿਊਰੋ): ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸਤਨਾਮ ਸੰਧੂ ਨੂੰ ਰਾਜ ਸਭਾ ਮੈਂਬਰ ਬਣਾਉਣ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਲੋਂ ਵਧਾਈ ਦਿੱਤੀ ਗਈ ਹੈ। ਉਨ੍ਹਾਂ ਟਵੀਟ ਕਰਕੇ ਲਿਖਿਆ ਕਿ, ਮੈਨੂੰ ਖੁਸ਼ੀ ਹੈ ਕਿ ਰਾਸ਼ਟਰਪਤੀ ਨੇ ਸਤਨਾਮ ਸਿੰਘ ਸੰਧੂ ਨੂੰ ਰਾਜ ਸਭਾ ਲਈ ਨਾਮਜ਼ਦ ਕੀਤਾ ਹੈ। ਸਤਨਾਮ ਸੰਧੂ ਨੇ ਇੱਕ ਉੱਘੇ ਸਿੱਖਿਆ ਸ਼ਾਸਤਰੀ ਅਤੇ ਸਮਾਜ ਸੇਵੀ ਵਜੋਂ ਆਪਣੀ ਪਛਾਣ ਬਣਾਈ ਹੈ, ਜੋ ਵੱਖ-ਵੱਖ ਤਰੀਕਿਆਂ ਨਾਲ ਜ਼ਮੀਨੀ ਪੱਧਰ 'ਤੇ ਲੋਕਾਂ ਦੀ ਸੇਵਾ ਕਰ ਰਹੇ ਹਨ। ਸੰਧੂ ਨੇ ਹਮੇਸ਼ਾ ਰਾਸ਼ਟਰੀ ਏਕਤਾ ਨੂੰ ਅੱਗੇ ਵਧਾਉਣ ਲਈ ਵਿਆਪਕ ਤੌਰ 'ਤੇ ਕੰਮ ਕੀਤਾ ਹੈ ਅਤੇ ਭਾਰਤੀ ਡਾਇਸਪੋਰਾ ਨਾਲ ਵੀ ਕੰਮ ਕੀਤਾ ਹੈ। ਮੈਂ ਉਨ੍ਹਾਂ ਦੀ ਸੰਸਦੀ ਯਾਤਰਾ ਲਈ ਸ਼ੁਭਕਾਮਨਾਵਾਂ ਦਿੰਦਾ ਹਾਂ ਅਤੇ ਮੈਨੂੰ ਭਰੋਸਾ ਹੈ ਕਿ ਰਾਜ ਸਭਾ ਦੀ ਕਾਰਵਾਈ ਉਨ੍ਹਾਂ ਦੇ ਵਿਚਾਰਾਂ ਨਾਲ ਭਰਪੂਰ ਹੋਵੇਗੀ।

**SherGill Law Firm**
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

# ਲੋਕਪਾਲ ਰਣਬੀਰ ਸਿੰਘ ਬਾਠ ਵਲੋਂ ਪਿੰਡ ਰੋਮਾਣਾ ਦੇ ਸਕੂਲ ਵਿੱਚ ਚੱਲ ਰਹੇ ਕੰਮ ਦਾ ਨਿਰੀਖਣ



ਫ਼ਰੀਦਕੋਟ, 30 ਜਨਵਰੀ 2024 (ਗਿਆਨ ਸਿੰਘ): ਲੋਕਪਾਲ ਨਰੇਗਾ ਅਤੇ ਪੀ.ਐਮ.ਏ.ਵਾਈ ਫਰੀਦਕੋਟ ਨੇ ਪਿੰਡ ਰੋਮਾਣਾ ਅਲਬੇਲ ਸਿੰਘ ਵਿਖੇ ਸਕੂਲ ਵਿੱਚ ਚੱਲ ਰਹੇ ਕੰਮ ਦਾ ਨਿਰੀਖਣ ਕੀਤਾ। ਨਿਰੀਖਣ ਮੌਕੇ ਉੱਥੇ 12 ਵਿਅਕਤੀ ਕੰਮ ਕਰਦੇ ਪਾਏ ਗਏ। ਇਸ ਮੌਕੇ ਲੋਕਪਾਲ ਰਣਬੀਰ ਸਿੰਘ ਬਾਠ ਨੇ ਉੱਥੇ ਕੰਮ ਕਰ ਰਹੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਸੁਣੀਆਂ। ਉੱਥੇ ਕੰਮ ਕਰ ਰਹੇ ਮਜਦੂਰਾਂ ਨੇ ਅਕਤੂਬਰ ਮਹੀਨੇ ਦੇ ਪੈਸੇ ਨਾ ਮਿਲਣ ਦੀ ਸਮੱਸਿਆ ਲੋਕਪਾਲ ਨੂੰ ਦੱਸੀ, ਲੋਕਪਾਲ ਨੇ ਕਿਹਾ ਕਿ ਉਹ ਜਲਦੀ ਹੀ ਮਜਦੂਰਾਂ ਦੀ ਇਸ ਸਮੱਸਿਆ ਦਾ ਹੱਲ ਕਰਨਗੇ।

ਉਨ੍ਹਾਂ ਕਿਹਾ ਕਿ ਜੇਕਰ ਕਿਸੇ ਹੋਰ ਦਾ ਕੋਈ ਸੁਝਾਅ ਜਾਂ ਸਮੱਸਿਆ ਹੈ ਤਾਂ ਉਹ ਲੋਕਪਾਲ ਦੇ ਵਟਸਐਪ ਨੰਬਰ 98131-76557 'ਤੇ ਵੀ ਸੰਪਰਕ ਕਰ ਸਕਦੇ ਹਨ।

ਉਨ੍ਹਾਂ ਸਮੂਹ ਮਜ਼ਦੂਰਾਂ ਨੂੰ ਕਿਹਾ ਕਿ ਉਹ ਆਪਣੀਆਂ ਕੰਮ ਦੀਆਂ ਮੰਗਾਂ ਸਰਪੰਚ, ਜੀਆਰਐਸ ਜਾਂ ਬੀਡੀਪੀਓ ਦਫ਼ਤਰ ਵਿੱਚ ਜਮ੍ਹਾਂ ਕਰਵਾਉਣ ਅਤੇ ਰਸੀਦ ਪ੍ਰਾਪਤ ਕਰਨ ਤਾਂ ਜੋ, ਉਨ੍ਹਾਂ ਨੂੰ ਸਮੇਂ ਸਿਰ ਕੰਮ ਦਿੱਤਾ ਜਾ ਸਕੇ।

**Allseas Fisheries Inc. is Hiring!**
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
* How your spouse can join you within 4-6 months
* How your parents can join you
* How students & skilled people can come to Canada
* How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

**TAX & ACCOUNTING**
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

# ਵਿਜੀਲੈਂਸ ਬਿਊਰੋ ਨੇ ਅਮਰੂਦ ਮੁਆਵਜ਼ੇ ਸੰਬਧੀ ਘੁਟਾਲੇ 'ਚ ਬਾਗਬਾਨੀ ਵਿਕਾਸ ਅਧਿਕਾਰੀ ਸਿੱਧੂ ਨੂੰ ਕੀਤਾ ਗ੍ਰਿਫ਼ਤਾਰ

## ਇਸ ਮਾਮਲੇ ਵਿੱਚ ਵਿਜੀਲੈਂਸ ਬਿਊਰੋ ਨੇ ਹੁਣ ਤੱਕ 21 ਮੁਲਜ਼ਮਾਂ ਨੂੰ ਕੀਤਾ ਗ੍ਰਿਫ਼ਤਾਰ

ਚੰਡੀਗੜ੍ਹ, 30 ਜਨਵਰੀ (ਗਿਆਨ ਸਿੰਘ):ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਐਸ.ਏ.ਐਸ. ਨਗਰ ਜ਼ਿਲ੍ਹੇ ਦੇ ਖਰੜ ਅਤੇ ਡੇਰਾਬਸੀ ਵਿਖੇ ਤਾਇਨਾਤ ਬਾਗਬਾਨੀ ਵਿਕਾਸ ਅਫਸਰ (ਐਚ.ਡੀ.ਓ.) ਜਸਪ੍ਰੀਤ ਸਿੰਘ ਸਿੱਧੂ ਨੂੰ ਗ੍ਰਿਫ਼ਤਾਰ ਕੀਤਾ ਹੈ, ਜੋ ਐਸ.ਏ.ਐਸ. ਨਗਰ ਵਿੱਚ ਅਮਰੂਦ ਦੇ ਮੁਆਵਜ਼ੇ ਸਬੰਧੀ ਬਹੁ-ਕਰੋੜੀ ਘੁਟਾਲੇ ਵਿੱਚ ਦੋਸ਼ੀ ਸੀ।

ਇਹ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇਥੇ ਸਟੇਟ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਦੋਸ਼ੀ ਜੇ.ਐਸ. ਸਿੱਧੂ ਨੇ 01.09.2023 ਨੂੰ ਹਾਈ ਕੋਰਟ ਤੋਂ ਅੰਤਰਿਮ ਜ਼ਮਾਨਤ ਪ੍ਰਾਪਤ ਕਰ ਲਈ। ਹਾਲਾਂਕਿ, ਬਿਊਰੋ ਨੇ ਉਸਦੀ ਅਗਾਊਂ ਜ਼ਮਾਨਤ ਪਟੀਸ਼ਨ ਦਾ ਵਿਰੋਧ ਕੀਤਾ ਅਤੇ ਉਸਦੀ ਹਿਰਾਸਤੀ ਪੁੱਛਗਿੱਛ ਲਈ ਲੰਮੀਆਂ ਅਤੇ ਵਿਸਤ੍ਰਿਤ ਦਲੀਲਾਂ ਦੌਰਾਨ ਜਵਾਬ ਵਜੋਂ 3 ਹਲਫਨਾਮੇ/ਜਵਾਬੀ ਹਲਫਨਾਮੇ ਦਾਇਰ ਕੀਤੇ। ਵਿਜੀਲੈਂਸ ਬਿਊਰੋ ਨੇ ਜੇ.ਐਸ. ਸਿੱਧੂ ਦੇ ਹੋਰ ਮੁਲਜ਼ਮ ਲਾਭਪਾਤਰੀਆਂ ਨਾਲ ਸਬੰਧ ਦਰਸਾਉਂਦੇ ਕਾਲ ਰਿਕਾਰਡ, ਵੱਖ-ਵੱਖ ਗਵਾਹਾਂ ਦੇ ਬਿਆਨ, ਛੇੜਛਾੜ ਕੀਤੇ ਤੇ ਜਾਅਲੀ ਦਸਤਾਵੇਜ਼ੀ ਰਿਕਾਰਡ ਅਤੇ ਗਮਾਡਾ ਕੋਲ ਪੇਸ਼ ਕੀਤੀ ਗਈ ਰਿਪੋਰਟ ਅਤੇ ਸੂਬੇ ਦੇ ਬਾਗਬਾਨੀ ਵਿਭਾਗ ਕੋਲ ਉਸੇ ਰਿਪੋਰਟ ਦੀ ਦਫ਼ਤਰੀ ਕਾਪੀ ਵਿਚਕਾਰ ਅੰਤਰ ਨੂੰ ਸਪੱਸ਼ਟ ਤੌਰ 'ਤੇ ਉਜਾਗਰ ਕੀਤਾ। ਇਸ ਤੋਂ ਇਲਾਵਾ, ਦਫ਼ਤਰੀ ਕਾਪੀ ਵਿੱਚ ਉਕਤ ਬੂਟਿਆਂ ਦੀ ਦਰਸਾਈ ਗਈ ਸ਼੍ਰੇਣੀ ਗਮਾਡਾ ਕੋਲ ਪੇਸ਼ ਕੀਤੀ ਗਈ ਰਿਪੋਰਟ ਵਿੱਚ ਦਰਸਾਈ ਸ਼੍ਰੇਣੀ ਨਾਲੋਂ ਕਾਫ਼ੀ ਵੱਧ ਸੀ।

ਬੁਲਾਰੇ ਨੇ ਦੱਸਿਆ ਕਿ ਇਸ ਉਪਰੰਤ ਹਾਈ ਕੋਰਟ ਨੇ 24.01.2023 ਨੂੰ ਉਸਦੀ ਅਗਾਊਂ ਜ਼ਮਾਨਤ ਪਟੀਸ਼ਨ ਖਾਰਜ ਕਰ ਦਿੱਤੀ। ਇਸ ਤੋਂ ਬਾਅਦ, ਮੁਲਜ਼ਮ ਐਚ.ਡੀ.ਓ. ਫਰਾਰ ਹੋ ਗਿਆ ਅਤੇ ਵਿਜੀਲੈਂਸ ਬਿਊਰੋ ਵੱਲੋਂ ਉਸ ਨੂੰ ਲੱਭਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ, ਜਿਸ ਦੇ ਚਲਦਿਆਂ ਉਸ ਨੂੰ ਮੰਗਲਵਾਰ ਨੂੰ ਐਸ.ਏ.ਐਸ ਨਗਰ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ।

ਉਨ੍ਹਾਂ ਦੱਸਿਆ ਕਿ ਉਕਤ ਦੋਸ਼ੀ 2004 ਤੋਂ 2019 ਤੱਕ ਲਗਾਤਾਰ ਪਿਛਲੇ 15 ਸਾਲਾਂ ਤੋਂ ਐਚ.ਡੀ.ਓ., ਖਰੜ ਦੇ ਅਹੁਦੇ 'ਤੇ ਤਾਇਨਾਤ ਸੀ ਅਤੇ ਗਮਾਡਾ ਵੱਲੋਂ ਐਕਵਾਇਰ ਕੀਤੀਆਂ ਜ਼ਮੀਨਾਂ ਜਿਵੇਂ ਐਰੋਸਿਟੀ, ਆਈ.ਟੀ. ਸਿਟੀ, ਸੈਕਟਰ 88 -89 ਆਦਿ 'ਤੇ ਮੌਜੂਦ ਫਲਦਾਰ ਦਰਖਤਾਂ ਦੀ ਮਾਰਕੀਟ ਕੀਮਤ ਦਾ ਮੁਲਾਂਕਣ ਕਰਨ 'ਚ ਸ਼ਾਮਲ ਸੀ।

ਇਸ ਮਾਮਲੇ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਵਿਜੀਲੈਂਸ ਬਿਊਰੋ ਵੱਲੋਂ ਐਰੋਟ੍ਰੋਪੋਲਿਸ ਸਿਟੀ ਦੇ ਵਿਕਾਸ ਲਈ ਪਿੰਡ ਬਾਕਰਪੁਰ ਅਤੇ ਐਸ.ਏ.ਐਸ. ਨਗਰ ਸ਼ਹਿਰ ਵਿੱਚ ਏਅਰਪੋਰਟ ਰੋਡ ਨਾਲ ਲੱਗਦੇ ਕੁਝ ਪਿੰਡਾਂ ਦੀ ਐਕਵਾਇਰ ਕੀਤੀ ਖੇਤੀਬਾੜੀ ਜ਼ਮੀਨ 'ਤੇ ਸਥਿਤ ਅਮਰੂਦ ਦੇ ਬਾਗਾਂ ਲਈ ਮੁਆਵਜ਼ੇ ਦੀ ਆੜ ਵਿੱਚ ਜਾਰੀ ਕੀਤੇ ਗਏ ਲਗਭਗ 137 ਕਰੋੜ ਰੁਪਏ ਦੇ ਗਬਨ ਨਾਲ ਸਬੰਧਤ ਵੱਡੇ ਘੁਟਾਲੇ ਦਾ ਪਰਦਾਫਾਸ਼ ਕਰਨ ਉਪਰੰਤ 2023 ਵਿੱਚ ਐਫ.ਆਈ.ਆਰ. ਨੰ. 16 ਦਰਜ ਕੀਤੀ ਗਈ ਸੀ।

ਉਨ੍ਹਾਂ ਅੱਗੇ ਦੱਸਿਆ ਕਿ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਕੁਝ ਲਾਭਪਾਤਰੀ/ਜ਼ਮੀਨ ਮਾਲਕ, ਜਿਨ੍ਹਾਂ ਨੇ ਆਪਣੀ ਜ਼ਮੀਨ 'ਤੇ ਬਾਗ ਦੇ ਨਾਂ 'ਤੇ ਲੱਗੇ ਫਲਦਾਰ ਰੁੱਖਾਂ ਲਈ ਮੁਆਵਜ਼ੇ ਦਾ ਦਾਅਵਾ ਕੀਤਾ ਹੈ, ਉਹ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (ਗਮਾਡਾ) ਦੇ ਸਬੰਧਤ ਅਧਿਕਾਰੀਆਂ/ਉੱਚ ਅਧਿਕਾਰੀਆਂ ਨੂੰ ਜਾਣਦੇ ਸਨ ਅਤੇ ਉਨ੍ਹਾਂ ਨੂੰ ਜ਼ਮੀਨ ਐਕਵਾਇਰ ਕਰਨ ਦੇ ਨਾਲ ਨਾਲ ਸਬੰਧਤ ਪਿੰਡਾਂ, ਜਿੱਥੇ ਜ਼ਮੀਨ ਐਕੁਆਇਰ ਕੀਤੀ ਜਾਣੀ ਸੀ, ਦੀ ਪਹਿਲਾਂ ਤੋਂ ਜਾਣਕਾਰੀ ਸੀ। ਇਸ ਤੋਂ ਇਲਾਵਾ, ਉਹ ਇਹ ਵੀ ਜਾਣਦੇ ਸਨ ਕਿ ਫਲਦਾਰ ਪੌਦਿਆਂ ਸਮੇਤ ਰੁੱਖਾਂ ਸਬੰਧੀ ਮੁਆਵਜੇ ਦਾ ਮੁਲਾਂਕਣ ਐਕੁਆਇਰ ਕੀਤੀ ਜ਼ਮੀਨ ਦੀ ਕੀਮਤ ਤੋਂ ਵੱਖਰੇ ਤੌਰ 'ਤੇ ਕੀਤਾ ਜਾਵੇਗਾ। ਇਸ ਤੋਂ ਬਾਅਦ, ਇਹਨਾਂ ਵਿਅਕਤੀਆਂ ਜਾਂ ਸਮੂਹਾਂ ਨੇ ਮਾਲ ਵਿਭਾਗ, ਭੂਮੀ ਗ੍ਰਹਿਣ ਕੁਲੈਕਟਰ (ਐੱਲ.ਏ.ਸੀ.), ਗਮਾਡਾ, ਬਾਗਬਾਨੀ ਵਿਭਾਗ ਆਦਿ ਦੇ ਸਬੰਧਤ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਪਹਿਲਾਂ ਤੋਂ ਯੋਜਨਾਬੱਧ ਢੰਗ ਨਾਲ ਭੂਮੀ ਗ੍ਰਹਿਣ, ਜ਼ਮੀਨ ਪ੍ਰਾਪਤੀ ਅਤੇ ਪੁਨਰਵਾਸ ਅਤੇ ਮੁੜ ਵਸੇਬਾ ਐਕਟ 2013 ਵਿੱਚ ਨਿਰਪੱਖ ਮੁਆਵਜ਼ੇ ਅਤੇ ਪਾਰਦਰਸ਼ਤਾ ਦੇ ਅਧਿਕਾਰਾਂ



ਦਾ ਸ਼ੋਸ਼ਣ ਕਰਨ ਦੇ ਇਰਾਦੇ ਨਾਲ ਅਥਾਰਟੀ ਵੱਲੋਂ ਐਕੁਆਇਰ ਕੀਤੀ ਜਾਣ ਵਾਲੀ ਜ਼ਮੀਨ ਨੂੰ ਖਰੀਦਣਾ ਸ਼ੁਰੂ ਕਰ ਦਿੱਤਾ ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਭਾਰੀ ਨੁਕਸਾਨ ਹੋ ਰਿਹਾ ਸੀ।

ਉਨ੍ਹਾਂ ਅੱਗੇ ਦੱਸਿਆ ਕਿ ਦੋਸ਼ੀ ਵਿਅਕਤੀਆਂ ਨੇ ਅਮਰੂਦ ਦੇ ਦਰਖਤਾਂ ਦੀ ਕੀਮਤ ਵਿੱਚ ਵਾਧਾ ਕਰਨ ਲਈ ਪੌਦਿਆਂ ਦੀ ਉਮਰ 4 ਸਾਲ ਜਾਂ 4 ਸਾਲ ਤੋਂ ਵੱਧ ਦੱਸੀ ਤਾਂ ਜੋ ਇਹ ਮੰਨਿਆ ਜਾਵੇ ਕਿ ਇਹ ਪੌਦੇ ਫ਼ਲ ਦੇਣ ਲਈ ਪੂਰੀ ਤਰ੍ਹਾਂ ਤਿਆਰ ਹਨ। ਅਜਿਹਾ ਕਰਨ ਲਈ ਮੁਲਜ਼ਮਾਂ ਨੇ ਸਾਲ 2016-17 ਦਾ ਪਿੰਡ ਬਾਕਰਪੁਰ ਨਾਲ ਸਬੰਧਤ ਮਾਲ/ਖਸਰਾ ਗਿਰਦਾਵਰੀ ਰਜਿਸਟਰ ਦਾ ਰਿਕਾਰਡ ਹਾਸਲ ਕੀਤਾ ਅਤੇ ਮੁਲਜ਼ਮ ਮਾਲ ਪਟਵਾਰੀ ਬਚਿੱਤਰ ਸਿੰਘ ਦੀ ਮਦਦ ਨਾਲ ਰਿਕਾਰਡ ਵਿੱਚ ਛੇੜਛਾੜ ਕਰਕੇ ਦਰਜ ਕੀਤਾ ਕਿ ਅਮਰੂਦ ਦੇ ਦਰੱਖਤ ਸਾਲ 2016 ਵਿੱਚ ਲਗਾਏ ਗਏ ਸਨ।

ਬੁਲਾਰੇ ਨੇ ਅੱਗੇ ਦੱਸਿਆ ਕਿ ਉਪਰੋਕਤ ਐਕਟ ਤਹਿਤ, ਫਲ ਦੇਣ ਵਾਲੇ ਪੌਦਿਆਂ ਦੀ ਉਮਰ ਅਤੇ ਸ਼੍ਰੇਣੀ ਉਹਨਾਂ ਦੀ ਮਾਰਕੀਟ ਕੀਮਤ ਦੇ ਮੁਲਾਂਕਣ ਲਈ ਮਹੱਤਵਪੂਰਨ ਹੁੰਦੀ ਹੈ ਅਤੇ ਇਹ ਮੁਲਾਂਕਣ ਆਮ ਤੌਰ 'ਤੇ ਬਾਗਬਾਨੀ ਅਧਿਕਾਰੀਆਂ ਵੱਲੋਂ ਕੀਤਾ ਜਾਂਦਾ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਅਮਰੂਦ ਦੇ ਦਰਖਤਾਂ ਦੀ ਮਾਰਕੀਟ ਕੀਮਤ ਨਿਰਧਾਰਤ ਕਰਨ ਲਈ ਪਿੰਡ ਬਾਕਰਪੁਰ ਅਤੇ ਹੋਰ ਪਿੰਡਾਂ ਦੀ ਐਕੁਆਇਰ ਕੀਤੀ ਜ਼ਮੀਨ ਨਾਲ ਸਬੰਧਤ ਫਲਦਾਰ ਦਰੱਖਤਾਂ ਸਬੰਧੀ ਵਿਸਥਾਰਤ ਸਰਵੇਖਣ ਸੂਚੀ ਤਿਆਰ ਕਰਕੇ ਐਲ.ਏ.ਸੀ., ਗਮਾਡਾ ਵੱਲੋਂ ਡਾਇਰੈਕਟਰ, ਬਾਗਬਾਨੀ ਵਿਭਾਗ ਨੂੰ ਭੇਜੀ ਗਈ।

ਐਕੁਆਇਰ ਕੀਤੀ ਜ਼ਮੀਨ ਬਾਗਬਾਨੀ ਵਿਭਾਗ ਦੇ ਬਲਾਕ ਖਰੜ ਦੇ ਅਧਿਕਾਰ ਖੇਤਰ ਵਿੱਚ ਆਉਂਦੀ ਹੈ, ਜਿੱਥੇ ਮੁਲਜ਼ਮ ਜਸਪ੍ਰੀਤ ਸਿੰਘ ਸਿੱਧੂ ਡੇਰਾਬਸੀ ਵਿਖੇ ਐਚ.ਡੀ.ਓ. ਵਜੋਂ ਤਾਇਨਾਤ ਸੀ। ਹਾਲਾਂਕਿ, ਇਨ੍ਹਾਂ ਪਿੰਡਾਂ ਦੇ ਮੁਲਾਂਕਣ ਦਾ ਕੰਮ ਉੱਚ ਅਧਿਕਾਰੀਆਂ ਵੱਲੋਂ ਬਿਨਾਂ ਕੋਈ ਕਾਰਨ/ਸਪੱਸ਼ਟਤਾ ਦੱਸੇ ਉਸ ਨੂੰ ਦਿੱਤਾ ਗਿਆ ਸੀ।

ਲਗਭਗ 180 ਏਕੜ ਜ਼ਮੀਨ 'ਤੇ ਮੌਜੂਦ ਫਲਦਾਰ ਦਰੱਖਤਾਂ ਦਾ ਮੁਲਾਂਕਣ ਜੇ.ਐਸ. ਸਿੱਧੂ, ਐਚ.ਡੀ.ਓ. ਵੱਲੋਂ ਕੀਤਾ ਜਾਣਾ ਲਾਜ਼ਮੀ ਸੀ, ਜਦੋਂ ਕਿ ਉਸ ਨੇ ਨਿਰੀਖਣ/ਮੁਲਾਂਕਣ ਲਈ ਕੇਵਲ ਇੱਕ ਵਾਰ ਹੀ ਐਕਵਾਇਰ ਕੀਤੀ ਜ਼ਮੀਨ ਦਾ ਦੌਰਾ ਕੀਤਾ ਸੀ ਅਤੇ ਕੁੱਲ 207 ਖਸਰਾ ਨੰਬਰਾਂ ਨਾਲ ਸਬੰਧਤ ਮੁਲਾਂਕਣ ਰਿਪੋਰਟ ਤਿਆਰ ਕਰ ਦਿੱਤੀ ਜੋ ਕਿ ਐਲ.ਏ.ਸੀ., ਗਮਾਡਾ ਦੀ ਸਰਵੇਖਣ ਸੂਚੀ ਵਿੱਚ ਵੱਖਰੇ ਤੌਰ 'ਤੇ ਦਰਸਾਇਆ ਗਿਆ ਹੈ।

ਇਸ ਤੋਂ ਇਲਾਵਾ, ਇਹ ਵੀ ਪਾਇਆ ਗਿਆ ਕਿ ਉਸਨੇ ਖਸਰਾ ਗਿਰਦਾਵਰੀ ਰਿਕਾਰਡ ਦੀਆਂ ਫੋਟੋ ਕਾਪੀਆਂ ਪ੍ਰਾਪਤ ਕੀਤੀਆਂ ਸਨ, ਜਿਸ ਵਿੱਚ ਅਮਰੂਦ ਦੇ ਬਾਗ ਲਈ ਸਬੰਧੀ ਜਾਣਕਾਰੀ/ਸੋਧ/ਤਬਦੀਲੀ ਨੂੰ ਸਪੱਸ਼ਟ ਤੌਰ 'ਤੇ ਦੇਖਿਆ ਜਾ ਸਕਦਾ ਸੀ। ਹਾਲਾਂਕਿ, ਉਸਨੇ ਜਾਣਬੁੱਝ ਕੇ ਇਨ੍ਹਾਂ ਤੱਥਾਂ ਨੂੰ ਨਜ਼ਰਅੰਦਾਜ਼ ਕੀਤਾ ਅਤੇ ਪੌਦਿਆਂ ਦੀ ਉਮਰ 4-5 ਸਾਲ ਦਰਜ ਕਰਕੇ ਗਲਤ ਮੁਲਾਂਕਣ ਰਿਪੋਰਟ ਤਿਆਰ ਕਰ ਦਿੱਤੀ।

ਹੋਰ ਜਾਣਕਾਰੀ ਦਿੰਦਿਆਂ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਹੁਣ ਤੱਕ ਲਾਭਪਾਤਰੀਆਂ ਅਤੇ ਸਰਕਾਰੀ ਅਧਿਕਾਰੀਆਂ/ਕਰਮਚਾਰੀਆਂ ਸਮੇਤ ਕੁੱਲ 21 ਦੋਸ਼ੀ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਜਿਨ੍ਹਾਂ ਵਿੱਚ ਜੇ.ਐਸ. ਜੌਹਲ, ਐਲ.ਏ.ਸੀ., ਵੈਸ਼ਾਲੀ, ਐਚ.ਡੀ.ਓ., ਬਚਿੱਤਰ ਸਿੰਘ, ਪਟਵਾਰੀ ਆਦਿ ਸ਼ਾਮਲ ਹਨ। ਇਸ ਤੋਂ ਇਲਾਵਾ ਕੁਝ ਲਾਭਪਾਤਰੀਆਂ ਵੱਲੋਂ 100 ਫੀਸਦੀ ਮੁਆਵਜ਼ਾ ਰਾਸ਼ੀ ਜਮ੍ਹਾਂ ਕਰਵਾਉਣ ਦੀ ਪੇਸ਼ਕਸ਼ ਕਰਨ 'ਤੇ ਹਾਈ ਕੋਰਟ ਵੱਲੋਂ ਅਗਾਊਂ ਜਮਾਨਤ ਦਿੱਤੀ ਗਈ ਹੈ ਅਤੇ ਹੋਰ ਮੁਲਜ਼ਮਾਂ ਨੇ ਵੀ ਅਜਿਹਾ ਕਰਨਾ ਸ਼ੁਰੂ ਕਰ ਦਿੱਤਾ ਹੈ।

ਇਸ ਉਪਰੰਤ, ਵਿਜੀਲੈਂਸ ਬਿਊਰੋ ਨੇ ਹਾਈ ਕੋਰਟ ਦੇ ਜ਼ਮਾਨਤ ਹੁਕਮਾਂ ਨੂੰ ਚੁਣੌਤੀ ਦੇਣ ਲਈ ਭਾਰਤ ਦੀ ਸੁਪਰੀਮ ਕੋਰਟ ਤੱਕ ਪਹੁੰਚ ਕੀਤੀ ਅਤੇ ਤੱਥਾਂ 'ਤੇ ਵਿਚਾਰ ਕਰਨ ਉਪਰੰਤ ਸੁਪਰੀਮ ਕੋਰਟ ਨੇ ਦੋਸ਼ੀਆਂ ਨੂੰ ਨੋਟਿਸ ਜਾਰੀ ਕੀਤੇ ਹਨ। ਹਾਈ ਕੋਰਟ ਨੇ ਵੱਖ-ਵੱਖ ਦੋਸ਼ੀ ਲਾਭਪਾਤਰੀਆਂ ਨੂੰ ਕੁੱਲ 72.36 ਕਰੋੜ ਰੁਪਏ ਦੀ ਰਕਮ ਜਮ੍ਹਾਂ ਕਰਾਉਣ ਦਾ ਹੁਕਮ ਦਿੱਤਾ ਹੈ, ਜਿਸ ਵਿੱਚੋਂ ਹੁਣ ਤੱਕ 43.72 ਕਰੋੜ ਰੁਪਏ ਜਮ੍ਹਾਂ ਕਰਵਾਏ ਜਾ ਚੁੱਕੇ ਹਨ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664







Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net






# ਫ਼ਲਾਵਰ ਸਿਟੀ ਫ਼ਰੈਂਡਜ਼ ਕਲੱਬ ਨੇ ਲੋਹੜੀ ਦਾ ਤਿਓਹਾਰ ਵਿਲੱਖਣ ਰੂਪ ਵਿਚ ਮਨਾਇਆ
















## ਮੇਅਰ ਪੈਟਰਿਕ ਬਰਾਊਨ, ਪਾਰਲੀਮੈਂਟ ਮੈਂਬਰਾਂ ਤੇ ਹੋਰ ਲੀਡਰਾਂ ਨੇ ਕੀਤੀ ਸ਼ਿਰਕਤ

ਬਰੈਂਪਟਨ, (ਡਾ. ਝੰਡ) - ਫ਼ਲਾਵਰ ਸਿਟੀ ਫ਼ਰੈਂਡਜ਼ ਕਲੱਬ ਵੱਲੋਂ ਮਲਟੀਕਲਚਰਲ ਲੋਹੜੀ ਸੈਂਚਰੀ ਗਾਰਡਨਜ਼ ਰੀਕਰੀਏਸ਼ਨ ਸੈਂਟਰ ਵਿਚ ਲੰਘੇ ਐਤਵਾਰ 28 ਜਨਵਰੀ ਨੂੰ ਵੱਖਰੇ ਢੰਗ ਨਾਲ ਮਨਾਈ ਗਈ। ਇਸ ਮੌਕੇ ਕੈਂਸਰ ਦੇ ਮਰੀਜ਼ਾਂ ਨਾਲ ਭਾਵਨਾਤਮਿਕ ਸਾਂਝ ਦਾ ਪ੍ਰਗਟਾਵਾ ਕਰਦੀਆਂ ਕਲੱਬ ਦੀਆਂ ਔਰਤ ਮੈਂਬਰਾਂ ਵੱਲੋਂ ਹੱਥਾਂ ਨਾਲ ਬੁਣੀਆਂ ਹੋਈਆਂ ਟੋਪੀਆਂ ਮਰੀਜ਼ਾਂ ਲਈ ਦਿੱਤੀਆਂ ਗਈਆਂ। ਵਿਲੀਅਮ ਔਸਲਰ ਮੈਨੇਜਮੈਂਟ ਵੱਲੋਂ ਮਿਸਿਜ਼ ਸਮਰ ਸਈਅਦ ਨੇ ਇਹ ਟੋਪੀਆਂ ਪ੍ਰਾਪਤ ਕੀਤੀਆਂ। ਇਸ ਦੇ ਨਾਲ ਹੀ ਇਸ ਕਲੱਬ ਵੱਲੋਂ ਵਿਲੀਅਮ ਔਸਲਰ ਹਸਪਤਾਲ ਦੇ ਲਈ 1000 ਡਾਲਰ ਦਾ ਚੈੱਕ ਇਸ ਦੀ ਮੈਨੇਜਮੈਂਟ ਨੂੰ ਭੇਟ ਕੀਤਾ ਗਿਆ।

ਸਮਾਗਮ ਵਿਚ ਬਰੈਂਪਟਨ ਦੇ ਮੇਅਰ ਪੈਟਰਿਕ ਬਰਾਊਨ ਵੱਲੋਂ ਕਲੱਬ ਦੇ ਕੰਮ-ਕਾਜ ਦੀ ਸਰਾਹਨਾ ਕਰਦਿਆਂ ਹੋਇਆਂ ਕਲੱਬ ਦੀਆਂ ਔਰਤ ਮੈਂਬਰਾਂ ਦੇ ਇਸ ਉਪਰਾਲੇ ਨੂੰ ਬੇਹੱਦ ਸਲਾਹਿਆ ਗਿਆ। ਸਮਾਗ਼ਮ ਦੇ ਮੁੱਖ-ਮਹਿਮਾਨ ਬਰੈਂਪਟਨ ਸੈਂਟਰਲ ਮੈਂਬਰ ਪਾਰਲੀਮੈਂਟ ਸ਼ਫਾਕ ਅਲੀ, ਬਰੈਂਪਟਨ ਈਸਟ ਦੇ ਐੱਮ.ਪੀ. ਮਨਿੰਦਰ ਸਿੱਧੂ ਤੇ ਬਰੈਂਪਟਨ ਨੌਰਥ ਦੀ ਐੱਮ.ਪੀ. ਰੂਬੀ ਸਹੋਤਾ ਅਤੇ ਰੀਜਨਲ ਕੌਂਸਲਰਾਂ ਰੌਵੇਨਾ ਸੈਨਟੋਸ ਤੇ ਪਾਲ ਵਿਸੈਂਟੇ ਵੱਲੋਂ ਕਲੱਬ ਵੱਲੋਂ ਕੀਤੀ ਜਾ ਰਹੀਆਂ ਸਮਾਜਿਕ ਸਰਗਰਮੀਆਂ ਦੀ ਭਰਪੂਰ ਸਰਾਹਨਾ ਕੀਤੀ ਗਈ ਅਤੇ ਮੈਂਬਰਾਂ ਨਾਲ ਲੋਹੜੀ ਦੀਆਂ ਵਧਾਈਆਂ ਸਾਂਝੀਆਂ ਕੀਤੀਆਂ ਗਈਆਂ।

ਕਲੱਬ ਦੇ ਡਾਇਰੈੱਕਟਰ ਗਿਆਨ ਪਾਲ ਵੱਲੋਂ ਇਸ ਮੌਕੇ ਬਰੈਂਪਟਨ ਵਿਚ ਅੰਤਰਰਾਸ਼ਟਰੀ ਵਿਦਿਆਰਥੀਆਂ ਅਤੇ ਨਵੇਂ ਇਮੀਗਰੈਂਟਾਂ ਦੇ ਵੱਡੀ ਗਿਣਤੀ ਵਿਚ ਆਉਣ ਨਾਲ ਇੱਥੇ ਨੌਕਰੀਆਂ ਦੀ ਘਾਟ ਕਾਰਨ ਉਨ੍ਹਾਂ ਲਈ ਪੈਦਾ ਹੋਏ ਬੇਰੋਜ਼ਗਾਰੀ ਵਾਲੇ ਹਾਲਾਤ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਗਏ। ਉਨ੍ਹਾਂ ਕਿਹਾ ਕਿ ਬਰੈਂਪਟਨ ਵਿਚ ਬਰੈਂਪਟਨ ਸਿਟੀ ਅਤੇ ਫ਼ੈੱਡਰਲ ਸਰਕਾਰ ਦੀ ਸਾਂਝ-ਭਿਆਲੀ ਨਾਲ 'ਜੌਬ-ਬੈਂਕ' ਕਾਇਮ ਕਰਨਾ ਚਾਹੀਦਾ ਹੈ ਜਿਸ ਵਿਚ ਛੋਟੇ ਤੇ ਵੱਡੇ ਕਾਰੋਬਾਰੀ ਅਦਾਰੇ ਅਤੇ ਨੌਕਰੀਆਂ ਪ੍ਰਾਪਤ ਕਰਨ ਦੇ ਚਾਹਵਾਨ ਵਿਅੱਕਤੀ ਆਪਣੇ ਵੇਰਵੇ ਦਰਜ ਕਰਵਾ ਸਕਣ ਤਾਂ ਜੋ ਬੇਰੋਜ਼ਗਾਰਾਂ ਨੂੰ ਆਸਾਨੀ ਨਾਲ ਰੋਜ਼ਗਾਰ ਮਿਲ ਸਕੇ। ਉਨ੍ਹਾਂ ਕਿਹਾ ਕਿ ਇਸ ਨਾਲ ਦੋਹਾਂ ਧਿਰਾਂ ਨੂੰ ਹੀ ਫ਼ਾਇਦਾ ਹੋਵੇਗਾ।

ਪ੍ਰਬੰਧਕਾਂ ਵੱਲੋਂ ਸਮਾਗਮ ਵਿਚ ਮਨੋਰੰਜਨ ਦੀਆਂ ਆਈਟਮਾਂ ਦਾ ਵੀ ਪ੍ਰਬੰਧ ਸੀ ਜਿਨ੍ਹਾਂ ਵਿਚ ਲੋਹੜੀ ਨਾਲ ਸਬੰਧਿਤ ਤੇ ਹੋਰ ਰਵਾਇਤੀ ਗੀਤ, ਸੋਲੋ, ਨਾਚ, ਗਿੱਧਾ, ਆਦਿ ਸ਼ਾਮਲ




ਸਨ। ਕਈ ਤਰ੍ਹਾਂ ਦੀਆਂ ਖਾਣ-ਪੀਣ ਦੀਆਂ ਵਸਤਾਂ ਮੁਹੱਈਆ ਕੀਤੀਆਂ ਗਈਆਂ ਜਿਨ੍ਹਾਂ ਦਾ ਸਾਰਿਆਂ ਨੇ ਖ਼ੂਬ ਅਨੰਦ ਮਾਣਿਆ। ਹਾਜ਼ਰੀਨ ਵਿਚ ਪੰਜਾਬੀ, ਗੁਜਰਾਤੀ, ਮੁਸਲਿਮ ਤੇ ਦੱਖਣੀ ਭਾਰਤ ਦੀਆਂ ਕਮਿਊਨਿਟੀਆਂ ਦੇ ਮੈਂਬਰ ਸ਼ਾਮਲ ਸਨ। ਜ਼ਿਕਰਯੋਗ ਹੈ ਕਿ ਫ਼ਲਾਵਰ ਸਿਟੀ ਫ਼ਰੈਂਡਜ਼ ਕਲੱਬ ਇਕ ਸਾਂਝੀ ਸਮਾਜਿਕ ਸਮਾਜਿਕ ਸੰਸਥਾ ਹੈ ਜੋ ਸਮਾਜ ਦੇ ਹਰ ਪ੍ਰਕਾਰ ਦੇ ਸਾਰਥਿਕ ਕੰਮਾਂ ਵਿਚ ਸ਼ਾਮਲ ਹੁੰਦੀ ਹੈ, ਸੀਨੀਅਰਜ਼ ਦੇ ਇਕੱਲੇਪਨ ਨੂੰ ਦੂਰ ਕਰਕੇ ਉਨ੍ਹਾਂ ਦੀ ਸਿਹਤ ਦਾ ਖਿਆਲ ਰੱਖਦੀ ਹੈ ਅਤੇ ਸ਼ਹਿਰ-ਵਾਸੀਆਂ ਦੀ ਬੇਹਤਰੀ ਲਈ ਆਪਣਾ ਯੋਗਦਾਨ ਪਾਉਂਦੀ ਹੈ।







# ਪੀਸੀਐੱਚਐੱਸ ਦੇ ਸੀਨੀਅਰਜ਼ ਗਰੁੱਪ ਨੇ ਗਣਤੰਤਰ-ਦਿਵਸ ਮਨਾਇਆ







ਬਰੈਂਪਟਨ, (ਡਾ. ਝੰਡ) -ਪੰਜਾਬੀ ਕਮਿਊਨਿਟੀ ਹੈੱਲਥ ਸਰਵਿਸਜ਼ (ਪੀਸੀਐੱਚਐੱਸ) ਦੇ ਸ਼ੁੱਕਰਵਾਰ ਵਾਲੇ ਸੀਨੀਅਰਜ਼ ਗਰੁੱਪ ਵੱਲੋਂ ਭਾਰਤ ਦਾ 75'ਵਾਂ ਗਣਤੰਤਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦੌਰਾਨ ਜਿੱਥੇ 26 ਜਨਵਰੀ 1950 ਨੂੰ ਭਾਰਤ ਦੇ ਸੰਵਿਧਾਨ ਦੇ ਲਾਗੂ ਹੋਣ ਹੋਣ ਬਾਰੇ ਵਿਚਾਰ-ਚਰਚਾ ਹੋਈ, ਉੱਥੇ 26 ਜਨਵਰੀ 1930 ਨੂੰ ਕਾਂਗਰਸ ਦੇ ਲਾਹੌਰ ਸੈਸ਼ਨ ਵਿਚ ਭਾਰਤ ਦੇ ਪੂਰਨ ਸਵਰਾਜ ਬਾਰੇ ਵੀ ਗੱਲਬਾਤ ਸਾਂਝੀ ਕੀਤੀ ਗਈ।

ਪ੍ਰੋਗਰਾਮ ਦੀ ਸ਼ੁਰੂਆਤ ਕਵੀ ਪ੍ਰਦੀਪ ਦਾ ਲਿਖਿਆ ਹੋਇਆ ਦੇਸ਼-ਭਗਤੀ ਦਾ ਗੀਤ "ਐ ਮੇਰੇ ਵਤਨ ਕੇ ਲੋਗੋ ਜ਼ਰਾ ਆਖ ਮੇਂ ਭਰ ਲੋ ਪਾਨੀ, ..." ਜਿਸ ਨੂੰ ਸਰਵੋਤਮ ਗਾਇਕਾ ਮਰਹੂਮ ਲਤਾ ਮੰਗੇਸ਼ਕਰ ਨੇ ਬੜੇ ਹੀ ਭਾਵੁਕਤਾ ਭਰੇ ਅੰਦਾਜ਼ ਵਿਚ ਗਾਇਆ ਹੈ, ਨੂੰ ਗਰੁੱਪ ਦੀ ਮੈਂਬਰ ਹਰਪ੍ਰੀਤ ਕੌਰ ਵੱਲੋਂ ਗਾਏ ਜਾਣ ਨਾਲ ਕੀਤੀ ਗਈ। ਕੰਵਲ ਪੁਰੀ ਦੀ ਅਗਵਾਈ ਵਿਚ "ਹਮ ਹੋਂਗੇ ਕਾਮਯਾਬ ..." ਸਮੂਹ-ਗਾਣ ਪੇਸ਼ ਕੀਤਾ ਗਿਆ ਜਿਸ ਵਿਚ ਗਰੁੱਪ ਦੀਆਂ ਸਾਰੀਆਂ ਹੀ ਔਰਤ ਮੈਂਬਰ ਸ਼ਾਮਲ ਹੋਈਆਂ। ਸਰਬਜੀਤ ਕੌਰ ਕਾਹਲੋਂ ਵੱਲੋਂ ਭਗਤ ਸਿੰਘ ਦੀ ਘੋੜੀ ਗਾਈ ਗਈ ਅਤੇ ਮੈਂਬਰਾਂ ਵੱਲੋਂ ਦੇਸ਼-ਭਗਤੀ ਦੇ ਹੋਰ ਕਈ ਗੀਤ ਪੇਸ਼ ਕੀਤੇ ਗਏ।

ਇਸ ਦੌਰਾਨ ਵੱਖ-ਵੱਖ ਬੁਲਾਰਿਆਂ ਵੱਲੋਂ ਭਾਰਤ ਦਾ ਵਰਤਮਾਨ ਸੰਵਿਧਾਨ ਘੜਨ ਵਾਲੀ ਕਮੇਟੀ ਵੱਲੋਂ ਕਈ ਵਿਚਾਰਾਂ ਅਤੇ ਖੋਜਾਂ ਉਪਰੰਤ ਡਾ. ਬੀ. ਆਰ. ਅੰਬੇਦਕਰ ਦੀ ਅਗਵਾਈ ਵਿਚ ਨਵੰਬਰ 1949 ਵਿਚ ਤਿਆਰ ਕੀਤੇ ਗਏ ਸੰਵਿਧਾਨ ਜਿਸ ਨੂੰ 26 ਜਨਵਰੀ 1950 ਨੂੰ ਲਾਗੂ ਕੀਤਾ ਗਿਆ, ਬਾਰੇ ਆਪਣੇ ਵਿਚਾਰ ਪੇਸ਼ ਕੀਤੇ ਗਏ ਅਤੇ ਇਸ ਵਿਚ ਸਮੇਂ-ਸਮੇਂ ਕੀਤੀਆਂ ਗਈਆਂ ਤਰਮੀਮਾਂ ਬਾਰੇ ਵੀ ਦੱਸਿਆ ਗਿਆ। ਭਾਰਤੀ ਹਵਾਈ ਸੈਨਾ ਦੇ ਸੇਵਾ-ਮੁਕਤ ਅਫ਼ਸਰ ਸ੍ਰੀ ਯਸ਼ ਦੱਤਾ ਜੋ ਇਸ ਗਰੁੱਪ ਦੇ ਮਾਣਯੋਗ ਮੈਂਬਰ ਹਨ, ਨੂੰ ਸਮੂਹ ਮੈਂਬਰਾਂ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਲੱਡੂਆਂ ਦੀ ਸੇਵਾ ਮਨਜੀਤ ਸਿੰਘ ਅਤੇ ਹਰੀਸ਼ ਚੌਹਾਨ ਵੱਲੋਂ ਕੀਤੀ ਗਈ। ਅੰਤ ਵਿਚ ਮੈਂਬਰਾਂ ਵੱਲੋਂ ਕਾਮਨਾ ਕੀਤੀ ਗਈ ਕਿ ਸਾਰੀ ਦੁਨੀਆਂ ਦੇ ਦੇਸ਼ਾਂ ਵਿਚ ਲੋਕਰਾਜ ਦੀ "ਜੈ-ਜੈਕਾਰ" ਹੋਵੇ।




# ਪ੍ਰੀਖਿਆਵਾਂ ਨੂੰ ਬਦਲਣਾ: ਤਣਾਅ ਤੋਂ ਤਿਉਹਾਰ ਤੱਕ

(ਇਸ ਮਹੱਤਵਪੂਰਨ ਤਬਦੀਲੀ ਨੂੰ ਸਮਝੋ ਅਤੇ ਇਮਤਿਹਾਨ ਪ੍ਰਕਿਰਿਆ ਨੂੰ ਨਿਰਾਸ਼ ਕਰਨ ਲਈ ਇੱਕ ਸਮਾਜਿਕ ਅੰਦੋਲਨ ਦੀ ਵਕਾਲਤ ਕਰੋ)

-ਵਿਜੈ ਗਰਗ-

ਇਮਤਿਹਾਨ 'ਤੇ ਚਰਚਾ ਦੇ ਕੇਂਦਰ ਵਿੱਚ ਇੱਕ ਸੰਪੂਰਨ ਵਿਦਿਅਕ ਪਹੁੰਚ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਹੈ। ਇਹ ਆਲੋਚਨਾਤਮਕ ਸੋਚ ਅਤੇ ਗਿਆਨ ਦੀ ਵਿਹਾਰਕ ਵਰਤੋਂ ਦੀ ਵਕਾਲਤ ਕਰਦਾ ਹੈ ਨੈਸ਼ਨਲ ਕਮਿਸ਼ਨ ਫਾਰ ਪ੍ਰੋਟੈਕਸ਼ਨ ਆਫ਼ ਚਾਈਲਡ ਰਾਈਟਸ (ਐਨਸੀਪੀਸੀਆਰ) ਦੇ ਚੇਅਰਪਰਸਨ ਵਜੋਂ, ਮੈਂ ਭਾਰਤੀ ਸਿੱਖਿਆ ਪ੍ਰਣਾਲੀ ਦੇ ਪਰਿਵਰਤਨਸ਼ੀਲ ਸਫ਼ਰ ਨੂੰ ਨੇੜਿਓਂ ਦੇਖਿਆ ਹੈ, ਖਾਸ ਕਰਕੇ ਪ੍ਰੀਖਿਆਵਾਂ ਦੇ ਸੰਦਰਭ ਵਿੱਚ। ਇਸ ਤਬਦੀਲੀ ਦਾ ਕੇਂਦਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹੈ। ਇਮਤਿਹਾਨ 'ਪਹਿਲ 'ਤੇ ਚਰਚਾ, ਇਮਤਿਹਾਨਾਂ ਦੇ ਆਲੇ ਦੁਆਲੇ ਦੇ ਤਣਾਅ ਨੂੰ ਦੂਰ ਕਰਨ ਲਈ ਇੱਕ ਮੋਹਰੀ ਯਤਨ। ਸਾਨੂੰ ਇਸ ਮਹੱਤਵਪੂਰਨ ਤਬਦੀਲੀ ਨੂੰ ਸਮਝਣ ਦੀ ਲੋੜ ਹੈ ਅਤੇ ਇਮਤਿਹਾਨ ਦੀ ਪ੍ਰਕਿਰਿਆ ਨੂੰ ਨਿਰਾਸ਼ ਕਰਨ ਲਈ ਇੱਕ ਸਮਾਜਿਕ ਅੰਦੋਲਨ ਦੀ ਵਕਾਲਤ ਕਰਨੀ ਚਾਹੀਦੀ ਹੈ। ਪਿਛਲੇ ਕੁਝ ਦਹਾਕਿਆਂ ਤੋਂ, ਭਾਰਤੀ ਸਿੱਖਿਆ ਪ੍ਰਣਾਲੀ ਨੇ ਅਕਾਦਮਿਕ ਸਫਲਤਾ ਨੂੰ ਵਿਦਿਆਰਥੀ ਦੀ ਸਮੁੱਚੀ ਕੀਮਤ ਨਾਲ ਬਰਾਬਰ ਕਰਨ ਦੀ ਪ੍ਰਵਿਰਤੀ ਦੇਖੀ ਹੈ, ਜਿਸ ਨੇ ਅਣਜਾਣੇ ਵਿੱਚ ਉੱਚ ਦਬਾਅ ਦਾ ਮਾਹੌਲ ਬਣਾਇਆ ਹੈ। ਇਸ ਪਹੁੰਚ ਨੇ ਵਿਦਿਆਰਥੀਆਂ ਦੀ ਚਿੰਤਾ ਅਤੇ ਮਾਨਸਿਕ ਸਿਹਤ ਸਮੱਸਿਆਵਾਂ ਸਮੇਤ ਨਕਾਰਾਤਮਕ ਨਤੀਜਿਆਂ ਵੱਲ ਅਗਵਾਈ ਕੀਤੀ ਹੈ। '। ਇਮਤਿਹਾਨ 'ਤੇ ਚਰਚਾ' ਇੱਕ ਮਹੱਤਵਪੂਰਨ ਪਹਿਲਕਦਮੀ ਵਜੋਂ ਉੱਭਰਦੀ ਹੈ, ਇਮਤਿਹਾਨਾਂ ਨੂੰ ਗਿਆਨ ਅਤੇ ਸਿੱਖਣ ਦੇ ਜਸ਼ਨ ਵਜੋਂ ਦੇਖ ਕੇ ਇਸ ਦ੍ਰਿਸ਼ਟੀਕੋਣ ਨੂੰ ਮੁੜ ਪਰਿਭਾਸ਼ਿਤ ਕਰਦਾ ਹੈ। ਵਿਦਿਅਕ ਖੇਤਰ ਦੇ ਅੰਦਰ ਆਪਣੇ ਅਨੁਭਵਾਂ ਅਤੇ ਪਰਸਪਰ ਪ੍ਰਭਾਵ ਦੁਆਰਾ, ਮੈਂ ਇਸ ਸੱਭਿਆਚਾਰਕ ਤਬਦੀਲੀ ਦੇ ਮਹੱਤਵ ਨੂੰ ਸਮਝਿਆ ਹਾਂ। ਪ੍ਰਧਾਨ ਮੰਤਰੀ ਮੋਦੀ ਦੁਆਰਾ ਸ਼ੁਰੂ ਕੀਤੇ ਗਏ ਸਲਾਨਾ ਸੰਵਾਦ ਸਿਰਫ ਗੱਲਬਾਤ ਨਹੀਂ ਹਨ; ਉਹ ਦੇਸ਼ ਵਿਆਪੀ ਵਿਦਿਅਕ ਸੁਧਾਰ ਲਈ ਉਤਪ੍ਰੇਰਕ ਹਨ। ਇਹ ਪਰਸਪਰ ਕ੍ਰਿਆਵਾਂ ਵਿਚਾਰਾਂ ਅਤੇ ਚਿੰਤਾਵਾਂ ਦੇ ਆਦਾਨ-ਪ੍ਰਦਾਨ ਦੀ ਆਗਿਆ ਦਿੰਦੀਆਂ ਹਨ, ਵਿਦਿਆਰਥੀਆਂ ਲਈ ਇੱਕ ਸਹਾਇਕ ਅਤੇ ਸਮਝਦਾਰ ਮਾਹੌਲ ਨੂੰ ਉਤਸ਼ਾਹਿਤ ਕਰਦੀਆਂ ਹਨ। ਇਮਤਿਹਾਨ 'ਤੇ ਚਰਚਾ ਦੇ ਕੇਂਦਰ ਵਿੱਚ ਇੱਕ ਸੰਪੂਰਨ ਵਿਦਿਅਕ ਪਹੁੰਚ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਹੈ। ਇਹ ਗ੍ਰੇਡਾਂ ਅਤੇ ਅੰਕਾਂ 'ਤੇ ਰਵਾਇਤੀ ਫੋਕਸ ਨੂੰ ਚੁਣੌਤੀ ਦਿੰਦਾ ਹੈ, ਅਜਿਹੀ ਪ੍ਰਣਾਲੀ ਦੀ ਵਕਾਲਤ ਕਰਦਾ ਹੈ ਜੋ ਸਮਝ, ਆਲੋਚਨਾਤਮਕ ਸੋਚ, ਅਤੇ ਗਿਆਨ ਦੇ ਵਿਹਾਰਕ ਉਪਯੋਗ ਦੀ ਕਦਰ ਕਰਦਾ ਹੈ। ਇਸ ਤਬਦੀਲੀ ਵਿੱਚ ਮਾਪੇ ਅਤੇ ਅਧਿਆਪਕ ਅਹਿਮ ਭੂਮਿਕਾ ਨਿਭਾਉਂਦੇ ਹਨ। ਬਹੁਤ ਸਾਰੇ ਭਾਰਤੀ ਪਰਿਵਾਰਾਂ ਵਿੱਚ, ਇੱਕ ਡੂੰਘੀ ਜੜ੍ਹ ਵਾਲਾ ਵਿਸ਼ਵਾਸ ਹੈ ਕਿ ਅਕਾਦਮਿਕ ਉੱਤਮਤਾ ਸਫਲਤਾ ਦਾ ਇੱਕੋ ਇੱਕ ਰਸਤਾ ਹੈ, ਜੋ ਅਕਸਰ ਹੋਰ ਪ੍ਰਤਿਭਾਵਾਂ ਅਤੇ ਹੁਨਰਾਂ ਨੂੰ ਢਾਹ ਦਿੰਦੀ ਹੈ। ਇਸ ਮਾਨਸਿਕਤਾ ਨੂੰ ਬਦਲਣਾ ਜ਼ਰੂਰੀ ਹੈ। ਸਾਨੂੰ ਇੱਕ ਸੰਤੁਲਿਤ ਪਹੁੰਚ ਨੂੰ ਉਤਸ਼ਾਹਿਤ ਕਰਨ ਦੀ ਲੋੜ ਹੈ ਜਿੱਥੇ ਅਕਾਦਮਿਕ ਪ੍ਰਾਪਤੀਆਂ ਨੂੰ ਸਵੀਕਾਰ ਕੀਤਾ ਜਾਂਦਾ ਹੈ, ਪਰ ਬੱਚੇ ਦੀ ਮਾਨਸਿਕ ਸਿਹਤ ਜਾਂ ਨਿੱਜੀ ਵਿਕਾਸ ਦੀ ਕੀਮਤ 'ਤੇ ਨਹੀਂ। ਇਸ ਤੋਂ ਇਲਾਵਾ, ਭਾਰਤੀ ਸਮਾਜਿਕ-ਆਰਥਿਕ ਦ੍ਰਿਸ਼ਟੀਕੋਣ ਇੱਕ ਸਿੱਖਿਆ ਪ੍ਰਣਾਲੀ ਦੀ ਮੰਗ ਕਰਦਾ ਹੈ ਜੋ ਅਨੁਕੂਲ ਅਤੇ ਸੰਮਲਿਤ ਹੋਵੇ 'ਪ੍ਰੀਖਿਆ 'ਤੇ ਚਰਚਾ' ਇਸ ਲੋੜ ਨੂੰ ਮੰਨਦੀ ਹੈ ਅਤੇ ਇੱਕ ਅਜਿਹੀ ਸਿੱਖਿਆ ਪ੍ਰਣਾਲੀ ਨੂੰ ਜੇਤੂ ਬਣਾਉਂਦੀ ਹੈ ਜੋ ਵਿਭਿੰਨ ਪ੍ਰਤਿਭਾਵਾਂ ਦਾ ਪਾਲਣ ਪੋਸ਼ਣ ਕਰਦੀ ਹੈ, ਆਲੋਚਨਾਤਮਕ ਅਤੇ ਰਚਨਾਤਮਕ ਸੋਚ ਨੂੰ ਉਤਸ਼ਾਹਿਤ ਕਰਦੀ ਹੈ, ਭਵਿੱਖ ਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਜ਼ਰੂਰੀ ਹੈ। ਹਾਲਾਂਕਿ, ਅਜਿਹੀ ਪਹਿਲਕਦਮੀ ਦੀ ਸਫਲਤਾ ਦਾ ਅਸਲ ਮਾਪ ਪੂਰੇ ਦੇਸ਼ ਵਿੱਚ ਇਸਦੀ ਸਵੀਕ੍ਰਿਤੀ ਅਤੇ ਲਾਗੂ ਕਰਨ ਵਿੱਚ ਹੈ। ਇਸ ਲਈ ਸਰਕਾਰ, ਵਿਦਿਅਕ ਸੰਸਥਾਵਾਂ, ਮਾਪਿਆਂ ਅਤੇ ਵਿਦਿਆਰਥੀਆਂ ਦੇ ਸਹਿਯੋਗੀ ਯਤਨਾਂ ਦੀ ਲੋੜ ਹੈ। ਇਨ੍ਹਾਂ ਯਤਨਾਂ ਦੇ ਨਾਲ-ਨਾਲ ਸਿੱਖਿਆ ਦੇ ਉਦੇਸ਼ 'ਤੇ ਵੀ ਵਿਆਪਕ ਸੰਵਾਦ ਦੀ ਲੋੜ ਹੈ। ਸਿੱਖਿਆ ਸਿਰਫ਼ ਇਮਤਿਹਾਨਾਂ ਵਿੱਚ ਚੰਗੇ ਅੰਕ ਹਾਸਲ ਕਰਨ ਬਾਰੇ ਨਹੀਂ ਹੋਣੀ ਚਾਹੀਦੀ ਸਗੋਂ ਇੱਕ ਚੰਗੀ ਸ਼ਖ਼ਸੀਅਤ ਦਾ ਵਿਕਾਸ ਕਰਨਾ ਚਾਹੀਦਾ ਹੈ। ਇਸ ਵਿੱਚ ਭਾਵਨਾਤਮਕ ਬੁੱਧੀ, ਨੈਤਿਕ ਕਦਰਾਂ-ਕੀਮਤਾਂ, ਅਤੇ ਸਮਾਜਿਕ ਜ਼ੰਮੇਵਾਰੀ ਦੀ ਭਾਵਨਾ ਦਾ ਪਾਲਣ ਪੋਸ਼ਣ ਕਰਨਾ ਸ਼ਾਮਲ ਹੈ। ਇਮਤਿਹਾਨ 'ਤੇ ਚਰਚਾ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਦੇ ਵਧੇਰੇ ਵਿਆਪਕ ਵਿਕਾਸ ਨੂੰ ਯਕੀਨੀ ਬਣਾਉਣ ਲਈ, ਇਹਨਾਂ ਵਿਆਪਕ ਪਹਿਲੂਆਂ 'ਤੇ ਚਰਚਾ ਸ਼ੁਰੂ ਕਰਨ ਲਈ ਇੱਕ ਪਲੇਟਫਾਰਮ ਹੋ ਸਕਦਾ ਹੈ। ਇਸ ਤੋਂ ਇਲਾਵਾ, ਨਵੀਨਤਾਕਾਰੀ ਅਧਿਆਪਨ ਵਿਧੀਆਂ ਨੂੰ ਏਕੀਕ੍ਰਿਤ ਕਰਨਾ ਸਿੱਖਣ ਨੂੰ ਬਦਲਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ।ਅਨੁਭਵ. ਪਰਸਪਰ ਪ੍ਰਭਾਵੀ ਅਤੇ ਅਨੁਭਵੀ ਸਿੱਖਣ ਦੇ ਤਰੀਕੇ ਸਿੱਖਿਆ ਨੂੰ ਵਧੇਰੇ ਆਕਰਸ਼ਕ ਅਤੇ ਘੱਟ ਡਰਾਉਣੀ ਬਣਾ ਸਕਦੇ ਹਨ। 'ਇਮਤਿਹਾਨ 'ਤੇ ਚਰਚਾ' ਇੱਕ ਸਿੱਖਿਆ ਪ੍ਰਣਾਲੀ ਵੱਲ ਇੱਕ ਯਾਤਰਾ ਹੈ ਜੋ ਵਿਅਕਤੀਗਤ ਸੰਭਾਵਨਾਵਾਂ ਦਾ ਆਦਰ ਕਰਦੀ ਹੈ ਅਤੇ ਉਹਨਾਂ ਦਾ ਪਾਲਣ ਪੋਸ਼ਣ ਕਰਦੀ ਹੈ। ਇਹ ਇੱਕ ਯੁੱਗ ਦੀ ਸ਼ੁਰੂਆਤ ਨੂੰ ਦਰਸਾਉਂਦਾ ਹੈ ਜਿੱਥੇ ਪ੍ਰੀਖਿਆਵਾਂ ਇੱਕ ਵੱਡੇ, ਵਧੇਰੇ ਭਰਪੂਰ ਵਿਦਿਅਕ ਅਨੁਭਵ ਦਾ ਇੱਕ ਹਿੱਸਾ ਹਨ। ਸਾਡੀ ਸਮੂਹਿਕ ਜ਼ਿੰਮੇਵਾਰੀ ਇਹ ਯਕੀਨੀ ਬਣਾਉਣਾ ਹੈ ਕਿ ਇਹ ਤਬਦੀਲੀ ਸਾਡੇ ਵਿਦਿਅਕ ਫਲਸਫੇ ਵਿੱਚ ਡੂੰਘਾਈ ਨਾਲ ਜੁੜੀ ਹੋਈ ਹੈ। ਨਿਰੰਤਰ ਯਤਨਾਂ ਅਤੇ ਇੱਕ ਸੰਯੁਕਤ ਦ੍ਰਿਸ਼ਟੀਕੋਣ ਨਾਲ, ਅਸੀਂ ਇਮਤਿਹਾਨਾਂ ਨੂੰ ਸਮਝੇ ਜਾਣ ਦੇ ਤਰੀਕੇ ਨੂੰ ਮੁੜ ਪਰਿਭਾਸ਼ਿਤ ਕਰ ਸਕਦੇ ਹਾਂ, ਜਿਸ ਨਾਲ ਸਾਡੇ ਬੱਚੇ ਨਾ ਸਿਰਫ਼ ਅਕਾਦਮਿਕ ਤੌਰ 'ਤੇ ਨਿਪੁੰਨ ਹੋਣ ਸਗੋਂ ਭਾਵਨਾਤਮਕ ਅਤੇ ਨੈਤਿਕ ਤੌਰ 'ਤੇ ਵੀ ਮਜ਼ਬੂਤ ਹੋਣ। ਇਸ ਸੰਦਰਭ ਵਿੱਚ, ਇਸ ਤਣਾਅ-ਮੁਕਤ ਪ੍ਰੀਖਿਆ ਪਹੁੰਚ ਦੇ ਵਿਆਪਕ ਪ੍ਰਭਾਵਾਂ ਨੂੰ ਸੰਬੋਧਿਤ ਕਰਨਾ ਮਹੱਤਵਪੂਰਨ ਹੈ। ਤਣਾਅ ਨੂੰ ਘਟਾਉਣਾ ਸਿਰਫ਼ ਇਮਤਿਹਾਨ ਦੇ ਪੈਟਰਨ ਨੂੰ ਬਦਲਣ ਬਾਰੇ ਨਹੀਂ ਹੈ; ਇਸ ਵਿੱਚ ਇੱਕ ਈਕੋਸਿਸਟਮ ਦਾ ਪਾਲਣ ਪੋਸ਼ਣ ਕਰਨਾ ਸ਼ਾਮਲ ਹੈ ਜੋ ਮਾਨਸਿਕ ਤੰਦਰੁਸਤੀ ਦਾ ਸਮਰਥਨ ਕਰਦਾ ਹੈ ਅਤੇ ਨਿਰੰਤਰ ਸਿੱਖਣ ਨੂੰ ਉਤਸ਼ਾਹਿਤ ਕਰਦਾ ਹੈ। ਇਸ ਵਿੱਚ ਘਰ ਅਤੇ ਸਕੂਲਾਂ ਵਿੱਚ ਸਹਾਇਕ ਮਾਹੌਲ ਬਣਾਉਣਾ ਸ਼ਾਮਲ ਹੈ, ਜਿੱਥੇ ਬੱਚੇ ਆਪਣੇ ਆਪ ਨੂੰ ਖੁੱਲ੍ਹ ਕੇ ਪ੍ਰਗਟ ਕਰ ਸਕਦੇ ਹਨ ਅਤੇ ਬਿਨਾਂ ਝਿਜਕ ਮਦਦ ਮੰਗ ਸਕਦੇ ਹਨ। ਇਸ ਤੋਂ ਇਲਾਵਾ, ਪਾਠਕ੍ਰਮ ਵਿੱਚ ਜੀਵਨ ਦੇ ਹੁਨਰ ਅਤੇ ਭਾਵਨਾਤਮਕ ਬੁੱਧੀ ਨੂੰ ਸ਼ਾਮਲ ਕਰਨਾ ਜ਼ਰੂਰੀ ਹੈ। ਅੱਜ ਦੇ ਤੇਜ਼ੀ ਨਾਲ ਬਦਲ ਰਹੇ ਸੰਸਾਰ ਵਿੱਚ, ਵਿਦਿਆਰਥੀਆਂ ਨੂੰ ਲਚਕੀਲੇਪਨ, ਅਨੁਕੂਲਤਾ ਅਤੇ ਹਮਦਰਦੀ ਵਰਗੇ ਹੁਨਰਾਂ ਨਾਲ ਲੈਸ ਹੋਣ ਦੀ ਲੋੜ ਹੈ। ਇਹ ਹੁਨਰ, ਅਕਾਦਮਿਕ ਗਿਆਨ ਦੇ ਨਾਲ, ਉਹਨਾਂ ਨੂੰ ਜੀਵਨ ਦੀਆਂ ਚੁਣੌਤੀਆਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਸਾਹਮਣਾ ਕਰਨ ਲਈ ਤਿਆਰ ਕਰੇਗਾ। ਸਿੱਖਿਅਕਾਂ, ਨੀਤੀ ਨਿਰਮਾਤਾਵਾਂ ਅਤੇ ਹਿੱਸੇਦਾਰਾਂ ਵਿਚਕਾਰ ਨਿਰੰਤਰ ਸੰਵਾਦ ਵਿਦਿਅਕ ਸੁਧਾਰ ਲਈ ਵਧੇਰੇ ਸੂਚਿਤ ਅਤੇ ਪ੍ਰਭਾਵਸ਼ਾਲੀ ਰਣਨੀਤੀਆਂ ਵੱਲ ਅਗਵਾਈ ਕਰ ਸਕਦਾ ਹੈ। 'ਪ੍ਰੀਖਿਆ 'ਤੇ ਚਰਚਾ' ਅਜਿਹੇ ਸਹਿਯੋਗੀ ਯਤਨਾਂ ਲਈ ਇੱਕ ਨਮੂਨੇ ਦੇ ਤੌਰ 'ਤੇ ਕੰਮ ਕਰ ਸਕਦੀ ਹੈ, ਖੁੱਲ੍ਹੇ ਸੰਚਾਰ ਅਤੇ ਸਾਂਝੇ ਸਿੱਖਣ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਦੀ ਹੈ। ਅੱਗੇ ਵਧਣ ਲਈ ਦ੍ਰਿੜਤਾ, ਸਹਿਯੋਗ ਅਤੇ ਸਾਂਝੇ ਦ੍ਰਿਸ਼ਟੀਕੋਣ ਦੀ ਲੋੜ ਹੁੰਦੀ ਹੈ। ਇਹ ਇੱਕ ਭਵਿੱਖ ਵੱਲ ਇੱਕ ਰਸਤਾ ਹੈ ਜਿੱਥੇ ਸਾਡੀ ਸਿੱਖਿਆ ਪ੍ਰਣਾਲੀ ਨਾ ਸਿਰਫ਼ ਗਿਆਨ ਪ੍ਰਦਾਨ ਕਰਦੀ ਹੈ, ਸਗੋਂ ਕਦਰਾਂ-ਕੀਮਤਾਂ ਨੂੰ ਪੈਦਾ ਕਰਦੀ ਹੈ ਅਤੇ ਚਰਿੱਤਰ ਦਾ ਨਿਰਮਾਣ ਕਰਦੀ ਹੈ। ਨਿਰੰਤਰ ਯਤਨਾਂ ਅਤੇ ਤਬਦੀਲੀ ਲਈ ਇੱਕ ਸੰਯੁਕਤ ਵਚਨਬੱਧਤਾ ਦੇ ਨਾਲ, ਅਸੀਂ ਇਹ ਯਕੀਨੀ ਬਣਾ ਸਕਦੇ ਹਾਂ ਕਿ ਪ੍ਰੀਖਿਆ 'ਤੇ ਚਰਚਾ ਦੀ ਭਾਵਨਾ ਸਾਡੀ ਸਿੱਖਿਆ ਪ੍ਰਣਾਲੀ ਦੇ ਹਰ ਪਹਿਲੂ ਵਿੱਚ ਪ੍ਰਵੇਸ਼ ਕਰਦੀ ਹੈ, ਇਸ ਨੂੰ ਸਾਡੇ ਸਾਰੇ ਬੱਚਿਆਂ ਲਈ ਪਾਲਣ ਪੋਸ਼ਣ, ਸੰਮਿਲਿਤ ਅਤੇ ਸ਼ਕਤੀਕਰਨ ਵਾਲੀ ਜਗ੍ਹਾ ਬਣਾਉਂਦੀ ਹੈ।



# ਸੀ ਜੀ ਸੀ ਝੰਜੇੜੀ ਵੱਲੋਂ ਔਰਤਾਂ ਦੀ ਸਵੱਛਤਾ ਵੱਲ ਨਵੇਕਲਾ ਕਦਮ ਚੁੱਕਦੇ ਹੋਏ ਸਕੂਲਾਂ ਅਤੇ ਧਰਮਸ਼ਾਲਾਵਾਂ ਵਿਚ ਨੈਪਕਿਨ ਮਸ਼ੀਨਾਂ ਲਗਾਈਆਂ



ਮੋਹਾਲੀ, 30 ਜਨਵਰੀ (ਪੋਸਟ ਬਿਊਰੋ): ਚੰਡੀਗੜ੍ਹ ਗਰੁੱਪ ਆਫ਼ ਕਾਲਜਿਜ ਦੇ ਝੰਜੇੜੀ ਕੈਂਪਸ ਵੱਲੋਂ ਵਾਤਾਵਰਨ ਸੁਰੱਖਿਆ ਅਤੇ ਵਿਦਿਆਰਥਣਾਂ ਤੇ ਪੇਂਡੂ ਖੇਤਰਾਂ ਵਿਚ ਰਹਿੰਦੀਆਂ ਔਰਤਾਂ ਦੀ ਨਿੱਜੀ ਸਫ਼ਾਈ ਨੂੰ ਧਿਆਨ ਦੇ ਵਿਚ ਰੱਖਦੇ ਹੋਏ ਇਕ ਨਿਵੇਕਲਾ ਉਪਰਾਲਾ ਕੀਤਾ ਹੈ। ਮੈਨੇਜਮੈਂਟ ਵੱਲੋਂ ਕੈਂਪਸ ਦੇ ਆਸ ਪਾਸ ਦੇ ਪਿੰਡਾਂ ਵਿਚ ਨੈਪਕਿਨ ਮਸ਼ੀਨਾਂ ਲਗਾਈਆਂ ਗਈਆਂ ਹਨ। ਬਿਸਮਨ ਧਾਲੀਵਾਲ ਦੀ ਅਗਵਾਈ ਹੇਠ ਸਟੂਡੈਂਟ ਵੈੱਲਫੇਅਰ ਵਿਭਾਗ ਅਤੇ ਐਨ ਐੱਸ ਐੱਸ ਵੱਲੋਂ ਇਹ ਨੈਪਕਿਨ ਮਸ਼ੀਨਾਂ ਮਛਲੀ ਕਲਾਂ, ਟੋਡਰ ਮਾਜਰਾ, ਮਜਾਤ ਮਕਰਾਨ ਸਮੇਤ ਪੰਜ ਪਿੰਡਾਂ ਦੇ ਸਰਕਾਰੀ ਸਕੂਲਾਂ, ਡਿਸਪੈਂਸਰੀਆਂ ਅਤੇ ਧਰਮਸ਼ਾਲਾਵਾਂ ਵਿਚ ਲਗਾਈਆਂ ਗਈਆਂ। ਮਸ਼ੀਨ ਲਗਾਉਣ ਤੋਂ ਬਾਅਦ ਔਰਤਾਂ ਅਤੇ ਲੜਕੀਆਂ ਨੂੰ ਮਸ਼ੀਨਾਂ ਦੀ ਬਿਹਤਰੀਨ ਤਰੀਕੇ ਨਾਲ ਵਰਤੋਂ ਸਬੰਧੀ ਵੀ ਜਾਣਕਾਰੀ ਦਿਤੀ ਗਈ। ਇਸ ਦੌਰਾਨ ਉਨ੍ਹਾਂ ਨੂੰ ਸਮਝਾਇਆਂ ਗਿਆ ਕਿ ਇਹ ਤਕਨੀਕੀ ਤੌਰ 'ਤੇ ਉੱਨਤ ਮਸ਼ੀਨ ਲੜਕੀਆਂ ਨੂੰ ਉਨ੍ਹਾਂ ਦੇ ਅਹਿਮ ਦਿਨਾਂ ਦੌਰਾਨ ਸਿਰਫ਼ ਇੱਕ ਬਟਨ ਦਬਾਉਣ 'ਤੇ ਸੈਨੇਟਰੀ ਨੈਪਕਿਨ ਪ੍ਰਦਾਨ ਕਰਦੀ ਹੈ।

ਬਿਸਮਨ ਧਾਲੀਵਾਲ ਨੇ ਇਸ ਮੌਕੇ ਤੇ ਮਹਿਲਾ ਸ਼ਕਤੀਕਰਨ ਤੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਦਿਹਾਤੀ ਇਲਾਕਿਆਂ ਮਹਿਲਾਵਾਂ ਨੂੰ ਮਹਾਂਵਾਰੀ ਦੌਰਾਨ ਉਨ੍ਹਾਂ ਦੀ ਨਿੱਜੀ ਸਫ਼ਾਈ ਜਾਗਰੂਕਤਾ ਅਤੇ ਪਹੁੰਚ ਯੋਗਤਾ ਨੂੰ ਉਤਸ਼ਾਹਿਤ ਕਰਨ ਲਈ ਇਹ ਮਸ਼ੀਨਾਂ ਸਹਾਈ ਹੋਣਗੀਆਂ। ਬਿਸਮਨ ਧਾਲੀਵਾਲ ਨੇ ਇਸ ਪਹਿਲਕਦਮੀ 'ਤੇ ਆਪਣੀ ਤਸੱਲੀ ਪ੍ਰਗਟ ਕਰਦੇ ਹੋਏ ਕਿਹਾ ਕਿ ਝੰਜੇੜੀ ਕੈਂਪਸ ਹਮੇਸ਼ਾ ਵਿਦਿਆਰਥੀਆਂ ਨੂੰ ਬਿਹਤਰੀਨ ਸਿੱਖਿਆਂ ਦੇਣ ਦੇ ਨਾਲ ਨਾਲ ਆਪਣੀ ਸਮਾਜਿਕ ਜ਼ਿੰਮੇਵਾਰੀ ਅਤੇ ਭਾਈਚਾਰਕ ਵਿਕਾਸ ਲਈ ਵਚਨਬੱਧ ਰਿਹਾ ਹੈ। ਇਹ ਦਾਨ ਮੁਹਿੰਮ ਜ਼ਰੂਰੀ ਸਿਹਤ ਮੁੱਦਿਆਂ ਨੂੰ ਹੱਲ ਕਰਨ ਅਤੇ ਉਨ੍ਹਾਂ ਦੇ ਜੀਵਨ 'ਤੇ ਸਕਾਰਾਤਮਿਕ ਪ੍ਰਭਾਵ ਪਾਉਣ ਲਈ ਸਾਡੇ ਸਮਰਪਣ ਦਾ ਪ੍ਰਮਾਣ ਹੈ।

URGENTLY NEED NEW LISTINGS IN BRAMPTON/CALEDON
visit: www.teamjagaujla.com



ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE

CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED IN YOUR NEIGHBOURHOOD

Brampton Ontario (Dir/Cross St:Kennedy/Bovaird)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਸੋਹਣਾ ਜਿਹਾ ਘਰ, 3 ਬੈਡਰੂਮ ਅਤੇ 4 ਵਾ-ਸ਼ਰੂਮ ਹਨ, ਫਿਨਿਸ਼ਡ ਬੇਸਮੈਂਟ, 1+1 ਕਿਚਨ, ਮੇਨ ਅਤੇ ਦੂਜੀ ਮੰਜ਼ਲ ਦੇ ਫਲੋਰ ਲੈਮੀਨੇਟਡ ਹਨ, ਮਾਸਟਰ ਬੈਡਰੂਮ ਵਿਚ 4 ਪੀਸੀ ਇਨ-ਸੂਟ ਅਤੇ ਵਾਕਿੰਗ ਕਲੋਜ਼ਟ, ਚਾਰਦਿਵਾਰੀ ਦੇ ਨਾਲ ਯਾਰਡ, ਅਤੇ ਹੋਰ ਵੀ ਬਹੁਤ ਕੁੱਝ।

Brampton Ontario (Dir/Cross St:The Gore/Castlemore/Gardenbrok)



ਖ਼ੂਬਸੂਰਤ ਡਿਟੈਚਡ ਘਰ, ਜਿਸ ਵਿਚ 4+2 ਬੈਡਰੂਮ + ਲੌਫਟ + 5 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ ਅਲੱਗ ਇੰਟਰੈਂਸ ਦੇ ਨਾਲ, 1+1 ਕਿਚਨ, ਸਾਰੇ ਬੈਡਰੂਮਜ਼ ਵਿਚ ਲੈਮੀਨੇਟਡ ਫਲੋਰ, ਪ੍ਰਾਇਮਰੀ ਬੈਡਰੂਮ ਵਿਚ 5 ਪੀਸੀ ਇਨਸੂਟ ਅਤੇ ਵਾਕ ਇਨ ਕਲੋਜ਼ਟ, ਦੋ ਮਾਸਟਰ ਬੈਡਰੂਮ, ਪਾਠ/ਪੂਜਾ ਲਈ ਸਥਾਨ ਅਤੇ ਹੋਰ ਵੀ ਬਹੁਤ ਕੁੱਝ।

Caledon Ontario (Dir/Cross St:Mayfield/ Mclaughlin/Tweedhill)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

Brampton Ontario (Dir/Cross St:Bramalea/Father Tobin /Fernfor)



ਰੈਂਪਟਨ ਵਿਚ 3000-3500 ਸਕੁਏਅਰ ਫੁੱਟ ਦਾ ਸੋਹਣਾ ਜਿਹਾ 3 ਸਟੋਰੀ ਡਿਟੈਚਟਡ ਘਰ, ਬਰੈਮਲੀ/ਫਾਦਰ ਟੌਬਿਨ/ਫਰਨਫੌਰ ਇੰਟਰਸੈਕਸ਼ਨ ਉਤੇ ਸਥਿਤ, 5+1 ਬੈਡਰੂਮਜ਼ + 5 ਵਾਸ਼ਰੂਮਜ਼, 2 ਫੈਮਿਲੀ ਰੂਮ ਅਤੇ 2 ਮਾਸਟਰ ਬੈਡਰੂਮਜ਼ ਦੇ ਨਾਲ, ਉਪਰਲੇ ਫਲੋਰ ਦੇ ਸਾਰੇ ਬੈਡਰੂਮਜ਼ ਲੈਮੀਨੇਟਡ, ਕੁਆਰਟਸ ਸੀ ਟਾਪ ਦੇ ਨਾਲ ਸੁੰਦਰ ਕਿਚਨ, ਗੈਰਾਜ ਤੋਂ ਡੋਰ ਐਂਟਰੀ, ਅੰਦਰ ਅਤੇ ਬਾਹਰ ਪੌਟ ਲਾਈਟਾਂ ਲੱਗੀਆਂ ਹੋਈਆਂ, ਦੂਸਰੇ ਫਲੋਰ ਉਤੇ ਲਾਊਂਡਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਸਾਊਂਡ ਸਿਸਟਮ ਦੇ ਨਾਲ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017